SWITCH INSURANCE
AUTO, HOME & COMMERCIAL
Auto&Home Insurance
Commercial Vehicle Insurance
Commercial Property Insurance
Commercial General Liability (CGL)
Rental Property
Call:905-965-7474
7900 Hurontario St., Suite 308, Brampton, ON, L6Y 0P6
https://www.switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 21* Issue 245** | **Thursday, December 22, 2022** | **Tel: 905-793-2202 | Fax: 905-793-2282 | news@punjabipost.ca** | ਤੁਸੀਂ 'ਪੰਜਾਬੀ ਪੋਸਟ' **Online** ਰੋਜ਼ਾਨਾ ਪੜ੍ਹ ਸਕਦੇ ਹੋ

## 2025 ਤੋਂ ਕੈਨੇਡਾ ਵਿੱਚ ਇਲੈਕਟ੍ਰਿਕ ਗੱਡੀਆਂ ਦੀ ਵਿੱਕਰੀ ਵਧਾਉਣ ਲਈ ਨਿਯਮਾਂ ਦਾ ਕੀਤਾ ਗਿਆ ਐਲਾਨ



ਓਟਵਾ, 21 ਦਸੰਬਰ (ਪੋਸਟ ਬਿਊਰੋ) : 2026 ਵਿੱਚ ਕੈਨੇਡਾ ਵਿੱਚ ਵਿਕਣ ਵਾਲੀਆਂ ਸਾਰੀਆਂ ਪੈਸੈਂਜਰ ਕਾਰਾਂ, ਐਸਯੂਵੀਜ਼ ਤੇ ਟਰੱਕਾਂ ਦਾ ਪੰਜਵਾਂ ਹਿੱਸਾ ਬਿਜਲੀ ਨਾਲ ਚੱਲਣ ਵਾਲਾ ਹੋਵੇਗਾ। ਇਹ ਐਲਾਨ ਬੁੱਧਵਾਰ ਨੂੰ ਐਨਵਾਇਰਮੈਂਟ ਮੰਤਰੀ ਸਟੀਵਨ ਗਿਲਬੋ ਨੇ ਨਵੇਂ ਨਿਯਮਾਂ ਦੀ ਜਾਣਕਾਰੀ ਦਿੰਦਿਆਂ ਕੀਤਾ।

2030 ਤੱਕ ਇਲੈਕਟ੍ਰਿਕ ਗੱਡੀਆਂ ਦੀ ਵਿੱਕਰੀ 60 ਫੀ ਸਦੀ ਤੱਕ ਅੱਪੜਨੀ ਜ਼ਰੂਰੀ ਕੀਤੀ ਗਈ ਹੈ ਤੇ 2035 ਤੱਕ ਕੈਨੇਡਾ ਵਿੱਚ ਵਿਕਣ ਵਾਲਾ ਹਰ ਵ੍ਹੀਕਲ ਇਲੈਕਟ੍ਰਿਕ ਹੋਣਾ ਜ਼ਰੂਰੀ ਹੋਵੇਗਾ। ਜਿਹੜੇ ਉਤਪਾਦਕ ਜਾਂ ਇੰਪੋਰਟਰਜ਼, ਸੇਲਜ਼ ਸਬੰਧੀ ਇਸ ਟੀਚੇ ਨੂੰ ਪੂਰਾ ਨਹੀਂ ਕਰ ਸਕਣਗੇ ਉਨ੍ਹਾਂ ਨੂੰ ਕੈਨੇਡੀਅਨ ਐਨਵਾਇਰਮੈਂਟ ਪ੍ਰੋਟੈਕਸ਼ਨ ਐਕਟ ਤਹਿਤ ਜੁਰਮਾਨਿਆਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

2025 ਲਈ ਨਿਰਧਾਰਤ ਕੀਤੇ ਗਏ ਟੀਚੇ ਨੂੰ ਪੂਰਾ ਕਰਨ ਲਈ ਕੈਨੇਡਾ ਨੂੰ ਅਜੇ ਲੰਮਾਂ ਪੈਂਡਾ ਤੈਅ ਕਰਨਾ ਹੋਵੇਗਾ। ਇਸ ਸਾਲ ਦੇ ਪਹਿਲੇ ਛੇ ਮਹੀਨੇ ਵਿੱਚ ਪੂਰੀ ਤਰ੍ਹਾਂ ਇਲੈਕਟ੍ਰਿਕ ਤੇ ਪਲੱਗ-ਇਨ ਹਾਈਬ੍ਰਿਡ ਵ੍ਹੀਕਲਜ਼ ਦੀ ਵਿੱਕਰੀ ਨਵੀਆਂ ਰਜਿਸਟਰ ਹੋਈਆਂ ਕਾਰਾਂ ਦਾ 7·2 ਫੀ ਸਦੀ ਹਿੱਸਾ ਹੀ ਰਹੀ। 2021 ਲਈ ਅਜਿਹੀਆਂ ਕਾਰਾਂ ਦੀ ਗਿਣਤੀ 5·2 ਫੀ ਸਦੀ ਸੀ। ਇਨ੍ਹਾਂ ਨਵੇਂ ਨਿਯਮਾਂ ਦਾ ਖਰੜਾ ਤਿਆਰ ਕਰ ਲਿਆ ਗਿਆ ਹੈ ਪਰ ਇਸ ਨੂੰ 30 ਦਸੰਬਰ ਨੂੰ ਪਬਲਿਕ ਕਰਵਾਇਆ ਜਾਵੇਗਾ। ਸਰਕਾਰ ਵੱਲੋਂ ਅਜਿਹੀਆਂ ਗੱਡੀਆਂ ਦੀ ਵਿੱਕਰੀ ਦਾ ਟਰੈਕ ਰੱਖਣ ਲਈ ਗੱਡੀਆਂ ਦੀ ਸੇਲ ਉੱਤੇ ਕ੍ਰੈਡਿਟ ਜਾਰੀ ਕਰਨ ਦਾ ਪ੍ਰਸਤਾਵ ਵੀ ਰੱਖਿਆ ਗਿਆ ਹੈ।

## ਦਵਾਈਆਂ ਦੀ ਘਾਟ ਪੂਰੀ ਕਰਨ ਲਈ ਘਰੇਲੂ ਉਤਪਾਦਨ ਦੀ ਥਾਂ ਦਵਾਈਆਂ ਇੰਪੋਰਟ ਕਰਨ ਦੇ ਹੱਕ ਵਿੱਚ ਹਨ ਟਰੂਡੋ



ਓਟਵਾ, 21 ਦਸੰਬਰ (ਪੋਸਟ ਬਿਊਰੋ) : ਕੈਨੇਡਾ ਵਿੱਚ ਬੱਚਿਆਂ ਦੀਆਂ ਦਵਾਈਆਂ ਦੀ ਘਾਟ ਪਾਈ ਜਾ ਰਹੀ ਹੈ ਪਰ ਅਜਿਹੇ ਵਿੱਚ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦਾ ਕਹਿਣਾ ਹੈ ਕਿ ਉਹ ਨਹੀਂ ਜਾਣਦੇ ਕਿ ਫਾਰਮਾਸਿਊਟੀਕਲਜ਼ ਦੇ ਘਰੇਲੂ ਉਤਪਾਦਨ ਵਿੱਚ ਵਾਧਾ ਕੀਤਾ ਜਾਣਾ ਇਸ ਸਮੱਸਿਆ ਦਾ ਸਹੀ ਹੱਲ ਹੋਵੇਗਾ।

ਇੱਕ ਇੰਟਰਵਿਊ ਵਿੱਚ ਉਨ੍ਹਾਂ ਆਖਿਆ ਕਿ ਇਨ੍ਹਾਂ ਦਵਾਈਆਂ ਦੇ ਘਰੇਲੂ ਉਤਪਾਦਨ ਦੀ ਥਾਂ ਭਰੋਸੇਯੋਗ ਸਪਲਾਈ ਚੇਨਜ਼ ਤੇ ਸਮਝੌਤਿਆਂ ਰਾਹੀਂ ਵੀ ਦਵਾਈਆਂ ਦੀ ਲੋੜੀਂਦੀ ਮਾਤਰਾ ਹਾਸਲ ਕੀਤੀ ਜਾ ਸਕਦੀ ਹੈ। ਜ਼ਿਕਰਯੋਗ ਹੈ ਕਿ ਕਈ ਮਹੀਨਿਆਂ ਤੋਂ ਕੈਨੇਡਾ ਵਿੱਚ ਬੱਚਿਆਂ ਦੀਆਂ ਦਰਦਨਿਵਾਰਕ ਦਵਾਈਆਂ ਦੀ ਕਿੱਲਤ ਪਾਈ ਜਾ ਰਹੀ ਹੈ। ਦੂਜੇ ਪਾਸੇ ਸਾਹ ਸਬੰਧੀ ਵਾਇਰਸ ਤੇ ਇਨਫਲੂਐਂਜ਼ਾ ਦੇ ਮਾਮਲੇ ਵੱਧ ਜਾਣ ਕਾਰਨ ਬੱਚਿਆਂ ਦਾ ਬੁਖਾਰ ਤੇ ਦਰਦ ਠੀਕ ਕਰਨ ਲਈ ਹੱਥ ਪੈਰ ਮਾਰ ਰਹੇ ਮਾਪਿਆਂ ਦੀ ਜਾਨ ਮੁੱਠੀ ਵਿੱਚ ਆਈ ਹੋਈ ਹੈ।

ਦਵਾਈਆਂ ਦੀ ਘਾਟ ਕਾਰਨ ਲੋੜੀਂਦੀਆਂ ਦਵਾਈਆਂ ਦੇ ਉਤਪਾਦਨ ਵਿੱਚ ਵਧੇਰੇ ਨਿਵੇਸ਼ ਕਰਨ ਦੀ ਮੰਗ ਵੀ ਉੱਠ ਰਹੀ ਹੈ। ਪਰ ਟਰੂਡੋ ਦਾ ਕਹਿਣਾ ਹੈ ਕਿ ਟੈਕਸਦਾਤਾਵਾਂ ਦੇ ਡਾਲਰਾਂ ਦੀ ਇਹ ਬਿਹਤਰੀਨ ਵਰਤੋਂ ਨਹੀਂ ਹੋਵੇਗੀ। ਉਨ੍ਹਾਂ ਆਖਿਆ ਕਿ ਉਹ ਬਿਹਤਰੀਨ ਪਹੁੰਚ ਅਪਣਾ ਕੇ ਦਵਾਈਆਂ ਦੀ ਇਸ ਕਮੀ ਨੂੰ ਪੂਰਾ ਕਰਨ ਲਈ ਪੂਰੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਇਹ ਵੀ ਆਖਿਆ ਕਿ ਇਸ ਲਈ ਉਨ੍ਹਾਂ ... ਬਾਕੀ ਸਫਾ 2 'ਤੇ

## ਪਾਕਿਸਤਾਨੀ ਫੌਜ ਨੇ 40 ਘੰਟਿਆਂ ਦੀ ਕਾਰਵਾਈ 'ਚ 33 ਟੀਟੀਪੀ ਅੱਤਵਾਦੀਆਂ ਨੂੰ ਮਾਰਿਆ, 2 ਕਮਾਂਡੋ ਵੀ ਮਾਰੇ ਗਏ



ਪੇਸ਼ਾਵਰ, 21 ਦਸੰਬਰ (ਪੋਸਟ ਬਿਊਰੋ) - ਸੁਰੱਖਿਆ ਬਲਾਂ ਨੇ ਮੰਗਲਵਾਰ ਨੂੰ ਪਾਕਿਸਤਾਨ ਦੇ ਅਸ਼ਾਂਤ ਖੈਬਰ ਪਖਤੂਨਖਵਾ ਸੂਬੇ ਵਿੱਚ ਅੱਤਵਾਦ ਵਿਰੋਧੀ ਕੇਂਦਰ 'ਤੇ ਦੋ ਦਿਨਾਂ ਤੱਕ ਗੱਲਬਾਤ ਅਸਫਲ ਰਹਿਣ ਤੋਂ ਬਾਅਦ ਹਮਲਾ ਕੀਤਾ ਜਿਸ ਵਿੱਚ ਕੁਝ ਲੋਕਾਂ ਨੂੰ ਬੰਧਕ ਬਣਾਇਆ ਗਿਆ ਸੀ। ਰਿਪੋਰਟ ਮੁਤਾਬਕ ਪਾਕਿਸਤਾਨ ਦੀ ਫੌਜ ਨੇ ਬੰਨੂ ਜ਼ਿਲੇ 'ਚ ਅੱਤਵਾਦ ਵਿਰੋਧੀ ਕੇਂਦਰ (ਸੀ.ਟੀ.ਡੀ.) 'ਤੇ ਕਬਜਾ ਕਰਨ ਵਾਲੇ ਤਹਿਰੀਕ-ਏ-ਤਾਲਿਬਾਨ (ਟੀ.ਟੀ.ਪੀ.) ਦੇ 33 ਅੱਤਵਾਦੀਆਂ ਨੂੰ ਮਾਰ ਦਿੱਤਾ ਹੈ। ਰੱਖਿਆ ਮੰਤਰੀ ਖਵਾਜਾ ਆਸਿਫ ਨੇ ਸੰਸਦ ਨੂੰ ਇਹ ਜਾਣਕਾਰੀ ਦਿੱਤੀ। ਇਸ ਆਪਰੇਸ਼ਨ 'ਚ ਦੋ ਕਮਾਂਡੋ ਵੀ ਮਾਰੇ ਗਏ ਹਨ। ਇਹ ਆਪਰੇਸ਼ਨ ਕਰੀਬ 40 ਘੰਟੇ ਚੱਲਿਆ।

ਕਰੀਬ ਤਿੰਨ ਦਿਨਾਂ ਤੋਂ ਟੀਟੀਪੀ ਦੇ ਅੱਤਵਾਦੀਆਂ ਨੇ ਇੱਕ ਪ੍ਰਮੁੱਖ ਸਮੇਤ ਚਾਰ ਸੈਨਿਕਾਂ ਨੂੰ ਬੰਧਕ ਬਣਾ ਕੇ ਰੱਖਿਆ ਹੋਇਆ ਸੀ। ਇਸ ਮੁੱਦੇ ਨੂੰ ਸੁਲਝਾਉਣ ਲਈ ਪਾਕਿਸਤਾਨ ਨੇ ਗੱਲਬਾਤ ਲਈ 16 ਮੌਲਵੀਆਂ ਦੀ ਟੀਮ ਅਫਗਾਨਿਸਤਾਨ ਭੇਜੀ ਸੀ। ਅਫਗਾਨ ਤਾਲਿਬਾਨ ਦੀ ਮਦਦ ਨਾਲ ਟੀਟੀਪੀ ਦੇ ਅੱਤਵਾਦੀਆਂ ਨੂੰ ਸਮਰਪਣ ਕਰਵਾਉਣ ਦੀ ਕੋਸ਼ਿਸ਼ ਕੀਤੀ ਗਈ ਸੀ, ਪਰ ਇਹ ਕੋਸ਼ਿਸ਼ ਸਫਲ ਸਾਬਤ ਹੋਈ।

## ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਹਲਾਕ




ਦਰਹਾਮ, 21 ਦਸੰਬਰ (ਪੋਸਟ ਬਿਊਰੋ) : ਮੰਗਲਵਾਰ ਰਾਤ ਨੂੰ ਪਿੱਕਰਿੰਗ ਵਿੱਚ ਇੱਕ ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ।

ਇਹ ਘਟਨਾ ਵ੍ਹਾਈਟਸ ਰੋਡ ਦੇ ਪੱਛਮ ਵਿੱਚ ਕਿੰਗਸਟਨ ਤੇ ਰੋਜ਼ਬੈਂਕ ਰੋਡਜ਼ ਇਲਾਕੇ ਵਿੱਚ ਰਾਤੀਂ 9:30 ਵਜੇ ਦੇ ਨੇੜੇ ਤੇੜੇ ਵਾਪਰੀ। ਦਰਹਾਮ ਪੁਲਿਸ ਨੇ ਦੱਸਿਆ ਕਿ ਇਸ ਘਟਨਾ ਵਿੱਚ ਸ਼ਾਮਲ ਡਰਾਈਵਰ ਮੌਕੇ ਉੱਤੇ ਹੀ ਮੌਜੂਦ ਰਿਹਾ। ਅਜੇ ਤੱਕ ਇਸ ਸਬੰਧ ਵਿੱਚ ਕੋਈ ਜਾਣਕਾਰੀ ਹਾਸਲ ਨਹੀਂ ਹੋਈ ਕਿ ਕਿਸੇ ਤਰ੍ਹਾਂ ਦੇ ਚਾਰਜਿਜ਼ ਲਾਏ ਗਏ ਹਨ ਜਾਂ ਨਹੀਂ।

ਕਿੰਗਸਟਨ ਰੋਡ ਨੂੰ ਦੋਵਾਂ ਪਾਸਿਆਂ ਤੋਂ ਬੰਦ ਕਰ ਦਿੱਤਾ ਗਿਆ ਹੈ ਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਹੜ੍ਹਾਂ ਦੀ ਤਬਾਹੀ ਨਾਲ ਨਜਿੱਠਣ ਲਈ ਪਾਕਿਸਤਾਨ ਨੂੰ ਦੁਨੀਆਂ ਦੀ ਮੱਦਦ ਦੀ ਲੋੜ: ਬਿਲਾਵਲ



ਇਸਲਾਮਾਬਾਦ, 21 ਦਸੰਬਰ (ਪੋਸਟ ਬਿਊਰੋ) - ਪਾਕਿਸਤਾਨ ਦੇ ਵਿਦੇਸ਼ ਮੰਤਰੀ ਬਿਲਾਵਲ ਭੁੱਟੋ ਜਰਦਾਰੀ ਨੇ ਅਗਲੇ ਮਹੀਨੇ ਹੋਣ ਵਾਲੀ ਸੰਯੁਕਤ ਰਾਸਟਰ ਦੀ ਬੈਠਕ ਤੋਂ ਪਹਿਲਾਂ ਆਪਣੇ ਦੇਸ ਨੂੰ ਵਿਨਾਸ਼ਕਾਰੀ ਹੜ੍ਹਾਂ ਤੋਂ ਉਭਰਨ ਲਈ ਦੁਨੀਆ ਦੀ ਮਦਦ ਕਰਨ ਦੀ ਅਪੀਲ ਕੀਤੀ ਹੈ। ਪਾਕਿਸਤਾਨ ਆਯਾਤ, ਡਾਲਰ ਦੀ ਕਮੀ ਅਤੇ ਅੰਤਰਰਾਸਟਰੀ ਮੁਦਰਾ ਫੰਡ (ਆਈਐਮਐਫ) ਨਾਲ ਕਰਜੇ ਵਿੱਚ ਦੇਰੀ ਵਰਗੇ ਆਰਥਿਕ ਸੰਕਟ ਦਾ ਸਾਹਮਣਾ ਕਰ ... ਬਾਕੀ ਸਫਾ 2 'ਤੇ

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
416.566.7605
gurbir.chahal@yahoo.com
ROYAL LePAGE Flower City Realty

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axcel InsuranceBrokers Ltd.
1332 Khalsa Dr, Unit # 11, Mississauga, ON L5S 0A2

INSURANCE
Home · Auto
Business · Trucking
Life Insurance · Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

HOME APPLIANCES STORE
ANNIVERSARY SPECIAL DEAL
PRICE $5199* NO TAX
UPGRADE LAUNDRY IN JUST $99*
KitchenAid moffat MAYTAG LG SAMSUNG Electrolux JENNAIR BOSCH Whirlpool
Unit #1, 241 Clarence, St Brampton, On L6W 3E7, (416) 551 3343 | 44 Fasken Dr. # 2-9 Etobicoke, On M9W 5M8, (416) 792-0877 | Unit #6 410 Lewis Road, Stoney Creek, On L8E 5Y7, (905) 643-0818 | Unit #4 - 1540 Fanshawe Park Road West | 5781 Highway 7 Unit 10, Vaughan, ON L4L 1T8, (416)-477-5556
416-551-5553
WWW.OURRHOMEAPPLIANCES.COM

HELPING YOU PLAN TODAY...FOR TOMORROW
Supervisa / Visitor Insurance
Life / Mortgage/Funeral Insurance
Disability Insurance
Critical Illness Insurance
RESP / RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovarid Dr. W. Brampton, ON L6X0T9 | www.ufsinsurance.com

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
KSG Pest Control Inc.
Amarjeet Singh Gill

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types · Walkie pallet Low Lift · Electric Motor Narrow Aisle Reach · Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
NC Dhawan Certified Instructor
Cell: 416 726 6206 Tel: 905 405 0001

KELLEY LAW OFFICE
Immigration · Real Estate
Family Law · Business Closing
Corporate · Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਚੜ੍ਹਿਆ ਆਵੇ ਕੋਰੋਨਾ ਹੈ ਫੇਰ ਸੁਣਿਆ,
ਤਰਫੋਂ ਚੀਨ ਦੇ ਖਬਰ ਗਈ ਆ ਮੀਆਂ।
ਆਇਆ ਨਵਾਂ ਉਬਾਲਾ ਹੈ ਚੀਨ ਅੰਦਰ,
ਫਿਕਰ ਦਿੱਤਾ ਫਿਰ ਚੀਨ ਨੂੰ ਲਾ ਮੀਆਂ।
ਭਾਰਤ ਸਰਕਾਰ ਹੈਆਖਦੀ ਸਾਫ ਏਥੇ,
ਬਚਿਆ ਜਾਂਦਾ ਤਾਂ ਕਰੋ ਬਚਾਅ ਮੀਆਂ।
ਅਗੇਤੀ ਰੱਖੋ ਜੀ ਚੌਕਸੀ ਮੁਲਕ ਵਾਸੀ,
ਸਕੇ ਨਹੀਂ ਜੜ੍ਹਾਂ ਹੀ ਰੋਗ ਜਮਾ ਮੀਆਂ।
ਪਿਛਲੀ ਮਾਰ ਦਾ ਭੁੱਲਿਆ ਪਿਆ ਚੇਤਾ,
ਮੰਨਦੇ ਮੂਰਖ ਨੇ ਫੇਰ ਅਫਵਾਹ ਮੀਆਂ।
ਛੱਡ'ਤੀ ਚੌਕਸੀ ਪਵੇ ਨਾ ਫੇਰ ਮਹਿੰਗੀ,
ਹੋ ਜਾਏਕਦੇ ਨਾ ਜਾਂਦੀਏ ਜਾਹ ਮੀਆਂ।

**ਤੀਸ ਮਾਰ ਖਾਂ**

## ਕੈਬਨਿਟ ਸਬ-ਕਮੇਟੀ ਵੱਲੋਂ ਬੇਜ਼ਮੀਨੇ ਮਜ਼ਦੂਰਾਂ ਅਤੇ ਠੇਕਾ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦੇ ਹੱਲ ਲਈ ਵਿਚਾਰ ਵਟਾਂਦਰਾ

ਚੰਡੀਗੜ੍ਹ, 21 ਦਸੰਬਰ (ਪੋਸਟ ਬਿਊਰੋ) - ਕੈਬਨਿਟ ਸਬ-ਕਮੇਟੀ, ਜਿਸ ਵਿੱਚ ਵਿੱਤ ਅਤੇ ਯੋਜਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ, ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਸ੍ਰੀ ਅਮਨ ਅਰੋੜਾ ਅਤੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਸ। ਕੁਲਦੀਪ ਸਿੰਘ ਧਾਲੀਵਾਲ ਸ਼ਾਮਲ ਹਨ, ਵੱਲੋਂ ਠੇਕਾ ਮੁਲਾਜ਼ਮਾਂ, ਵਿਮੁਕਤ ਜਾਤੀਆਂ ਅਤੇ ਬੇਜ਼ਮੀਨੇ ਮਜ਼ਦੂਰਾਂ ਨਾਲ ਸਬੰਧਤ ਵੱਖ ਵੱਖ ਯੂਨੀਅਨਾਂ ਅਤੇ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਤਾਂ ਜੋ ਉਨ੍ਹਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਨੂੰ ਹਮਦਰਦੀ ਨਾਲ ਵਿਚਾਰ ਕੇ ਉਨ੍ਹਾਂ ਨੂੰ ਹੱਲ ਕੀਤਾ ਜਾ ਸਕੇ।

ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਅਤੇ ਗਜ਼ਟਿਡ ਤੇ ਨਾਨ-ਗਜ਼ਟਿਡ ਐਸ।ਸੀ। ਬੀ।ਸੀ। ਇੰਪਲਾਈਜ਼ ਵੈੱਲਫੇਅਰ ਫੈਡਰੇਸ਼ਨ, ਪੰਜਾਬ ਦੀਆਂ ਮੰਗਾਂ ਦੇ ਹੱਲ ਲਈ ਮੁੱਖ ਮੰਤਰੀ ਸ। ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਗਠਿਤ ਕੀਤੀ ਗਈ ਇਸ ਕੈਬਨਿਟ ਸਬ-ਕਮੇਟੀ ਦੀ ਇਹ ਪਲੇਠੀ ਮੀਟਿੰਗ ਸੀ।

ਸਬ-ਕਮੇਟੀ ਨੇ ਪੰਜਾਬ ਭਵਨ ਵਿਖੇ ਤਿੰਨ ਘੰਟੇ ਤੋਂ ਵੱਧ ਸਮੇਂ ਤੱਕ ਲਗਾਤਾਰ ਚੱਲੀਆਂ ਮੀਟਿੰਗਾਂ ਦੌਰਾਨ ਵੱਖ-ਵੱਖ ਯੂਨੀਅਨਾਂ ਅਤੇ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਵੱਲੋਂ ਉਠਾਏ ਮੁੱਦਿਆਂ ਨੂੰ ਗੰਭੀਰਤਾ ਨਾਲ ਸੁਣਿਆ।

ਬਹੁ-ਗਿਣਤੀ ਮਸਲਿਆਂ ਨੂੰ ਹਾਂ-ਪੱਖੀ ਢੰਗ ਨਾਲ ਹੱਲ ਕਰਨ ਦੀ ਦਿਸ਼ਾ ਵੱਲ ਅੱਗੇ ਵਧਦਿਆਂ ਸਬ-ਕਮੇਟੀ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਇਨ੍ਹਾਂ ਯੂਨੀਅਨਾਂ ਅਤੇ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨਾਲ ਮੀਟਿੰਗਾਂ ਕਰਕੇ ਉਨ੍ਹਾਂ ਦੇ ਮਸਲਿਆਂ ਨੂੰ ਜਲਦੀ ਹੱਲ ਕਰਨ ਦੀ ਹਦਾਇਤ ਕੀਤੀ।

ਸਬ-ਕਮੇਟੀ ਨੇ ਯੂਨੀਅਨਾਂ ਨੂੰ ਹਰ ਸੰਭਵ ਮਦਦ ਦਾ ਭਰੋਸਾ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਸ। ਭਗਵੰਤ ਮਾਨ ਨੇ ਉਨ੍ਹਾਂ ਨੂੰ ਇਨ੍ਹਾਂ ਵਰਗਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਮਸਲਿਆਂ ਦਾ ਢੁਕਵਾਂ ਹੱਲ ਲੱਭਣ ਦੇ ਨਿਰਦੇਸ਼ ਦਿੱਤੇ ਹਨ। ਮੀਟਿੰਗਾਂ ਵਿੱਚ ਸਬੰਧਤ ਵਿਭਾਗਾਂ ਅਤੇ ਐਲ।ਆਰ। ਸ਼ਾਖਾ ਦੇ ਸੀਨੀਅਰ ਅਧਿਕਾਰੀਆਂ ਨੇ ਵੀ ਸ਼ਿਰਕਤ ਕੀਤੀ ਤਾਂ ਜੋ ਮੁੱਦਿਆਂ ਦੇ ਹੱਲ ਵਿੱਚ ਆਉਣ ਵਾਲੀਆਂ ਕਾਨੂੰਨੀ ਅੜਚਨਾਂ ਦਾ ਜਲਦੀ ਨਿਪਟਾਰਾ ਯਕੀਨੀ ਬਣਾਇਆ ਜਾ ਸਕੇ।

ਸਬ-ਕਮੇਟੀ ਨੇ ਇਨ੍ਹਾਂ ਯੂਨੀਅਨਾਂ ਨਾਲ ਅਗਲੀ ਮੀਟਿੰਗ ਅਗਲੇ ਸਾਲ ਜਨਵਰੀ ਵਿੱਚ ਕਰਨ ਦਾ ਫ਼ੈਸਲਾ ਕੀਤਾ। ਸੁਖਾਵੇਂ ਮਾਹੌਲ ਵਿੱਚ ਹੋਈਆਂ ਇਹ ਮੀਟਿੰਗਾਂ ਸਕਾਰਾਤਮਕ ਮਾਹੌਲ ਵਿੱਚ ਸਮਾਪਤ ਹੋਈਆਂ।

ਸਬ ਕਮੇਟੀ ਵੱਲੋਂ ਕੀਤੀਆਂ ਗਈਆਂ ਮੀਟਿੰਗਾਂ ਵਿੱਚੋਂ ਇਕ ਵਿੱਚ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ। ਬਲਜੀਤ ਕੌਰ ਅਤੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੀ ਹਾਜ਼ਰ ਸਨ।

## ਸਪੀਕਰ ਸੰਧਵਾਂ ਵੱਲੋਂ ਬਵਾਨਾ ਵਿਖੇ ਕੂੜੇ ਤੋਂ ਬਿਜਲੀ ਪੈਦਾਵਾਰ ਦੇ ਪ੍ਰਾਜੈਕਟ ਦਾ ਦੌਰਾ

*ਪੰਜਾਬ ਵਿਚ ਕੂੜੇ ਦੀ ਸਮੱਸਿਆ ਤੇ ਇਸ ਤੋਂ ਹੁੰਦੇ ਪ੍ਰਦੂਸ਼ਣ ਤੋਂ ਨਿਜਾਤ ਲਈ ਅਪਣਾਈਆਂ ਜਾਣਗੀਆਂ ਆਧੁਨਿਕ ਤਕਨੀਕਾਂ -ਸੰਧਵਾਂ



ਚੰਡੀਗੜ੍ਹ, 21 ਦਸੰਬਰ (ਪੋਸਟ ਬਿਊਰੋ)- ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰੀ ਕੁਲਤਾਰ ਸਿੰਘ ਸੰਧਵਾਂ ਵੱਲੋਂ ਇਥੋਂ ਦੇ ਬਵਾਨਾ ਉਦਯੋਗਿਕ ਖੇਤਰ ਵਿਖੇ ਕੂੜੇ ਤੋਂ ਆਧੁਨਿਕ ਤਕਨੀਕਾਂ ਜ਼ਰੀਏ ਬਿਜਲੀ ਪੈਦਾਵਾਰ ਤੇ ਖਾਦ ਤਿਆਰ ਕਰਨ ਵਾਲੇ ਪ੍ਰਜੈਕਟ ਦਿੱਲੀ ਐਮ।ਐਸ।ਡਬਲਿਊ ਸਲਿਊਸ਼ਨਸ ਲਿਮਟਿਡ ਦਾ ਦੌਰਾ ਕੀਤਾ ਗਿਆ। ਸ੍ਰੀ ਸੰਧਵਾਂ ਵੱਲੋਂ ਇਥੇ ਗਿੱਲੇ ਤੇ ਸੁੱਕੇ ਕੂੜੇ ਨੂੰ ਅਲੱਗ ਕਰਨ ਤੋਂ ਲੈ ਕੇ ਇਸ ਤੋਂ ਬਿਜਲੀ ਪੈਦਾਵਾਰ, ਖਾਦ ਤਿਆਰ ਕਰਨ ਅਤੇ ਵੇਸਟ ਨੂੰ ਵਿਗਿਆਨਕ ਤਰੀਕਿਆ ਨਾਲ ਉਸਾਰੀ ਲਈ ਵਰਤੀ ਜਾਣ ਵਾਲੀ ਸਮੱਗਰੀ ਵਿਚ ਤਬਦੀਲ ਕੀਤੇ ਜਾਣ ਦੀਆਂ ਵੱਖ-ਵੱਖ ਪ੍ਰਕਿਰਿਆਵਾਂ ਬਾਰੇ ਬਾਰੀਕੀ ਵਿਚ ਜਾਣਕਾਰੀ ਲਈ ਗਈ। ਇਸ ਤੋਂ ਪਹਿਲਾਂ ਸ੍ਰੀ ਸੰਧਵਾਂ ਅਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਦਿੱਲੀ ਦੇ ਓਲਡ ਰਾਜਿੰਦਰ ਨਗਰ ਸਥਿਤ ਦਿੱਲੀ ਨਗਰ ਨਿਗਮ ਦੇ ਕੂੜੇ ਤੋਂ ਖਾਦ ਤਿਆਰ ਕਰਨ ਵਾਲੇ ਕੂੜਾ ਪ੍ਰਬੰਧਨ ਪ੍ਰਜੈਕਟ ਦਾ ਵੀ ਦੌਰਾ ਕੀਤਾ ਗਿਆ।

ਮੰਗਲਵਾਰ ਦੇਰ ਸ਼ਾਮ ਕੀਤੇ ਬਵਾਨਾ ਪ੍ਰਾਜੈਕਟ ਦੇ ਦੌਰੇ ਮੌਕੇ ਮੀਡੀਆ ਨਾਲ ਗੱਲ ਕਰਦਿਆਂ ਸ੍ਰੀ ਸੰਧਵਾਂ ਨੇ ਕਿਹਾ ਕਿ ਕੂੜੇ ਅਤੇ ਇਸ ਨਾਲ ਪੈਦਾ ਹੋ ਰਹੇ ਪ੍ਰਦੂਸ਼ਣ ਦੀ ਸਮੱਸਿਆ ਨਾਲ ਮੁਲਕ ਦੇ ਹਰ ਸ਼ਹਿਰ ਨੂੰ ਜੂਝਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਅਧਿਕਾਰੀਆਂ ਸਮੇਤ ਇਸ ਪ੍ਰਾਜੈਕਟ ਨੂੰ ਵੇਖਣ ਦਾ ਮੰਤਵ ਅਜਿਹੇ ਪ੍ਰਜੈਕਟ ਜ਼ਰੀਏ ਕੂੜੇ ਤੋਂ ਬਿਜਲੀ ਪੈਦਾ ਕਰਨ, ਖਾਦ ਪੈਦਾਵਾਰ ਤੇ ਵੇਸਟ ਤੋਂ ਉਸਾਰੀ ਸਮੱਗਰੀ ਤਿਆਰ ਹੋਣ ਦੀਆਂ ਤਕਨੀਕਾਂ ਨੂੰ ਜਾਨਣਾ ਸੀ ਤਾਂ ਜੋ ਅਜਿਹੀਆਂ ਤਕਨੀਕਾਂ ਨੂੰ ਪੰਜਾਬ ਦੇ ਕਸਬਿਆਂ ਤੇ ਵੱਡੇ ਸ਼ਹਿਰਾਂ ਦੀ ਆਬਾਦੀ ਤੇ ਹੋਰ ਜ਼ਰੂਰਤਾਂ ਅਨੁਸਾਰ ਕੂੜੇ ਤੇ ਇਸ ਤੋਂ ਪੈਦਾ ਹੁੰਦੇ ਵਾਤਾਵਰਣ ਦੇ ਵਿਗਾੜਾਂ ਤੋਂ ਛੁਟਕਾਰਾ ਪਾਇਆ ਜਾ ਸਕੇ।

## ਦਵਾਈਆਂ ਦੀ ਘਾਟ ਪੂਰੀ ਕਰਨ ਲਈ ਘਰੇਲੂ ਉਤਪਾਦਨ ਦੀ ਥਾਂ ਦਵਾਈਆਂ ਇੰਪੋਰਟ ਕਰਨ ਦੇ ਹੱਕ ਵਿੱਚ ਹਨ ਟਰੂਡੋ

ਸਫਾ 1 ਦਾ ਬਾਕੀ

ਨੂੰ ਭਾਵੇਂ ਦੁਨੀਆ ਦੇ ਕਿਸੇ ਵੀ ਕੋਨੇ ਤੋਂ ਦਵਾਈਆਂ ਮੰਗਵਾਉਣੀਆਂ ਪੈਣ ਉਹ ਮੰਗਵਾਉਣਗੇ।

ਜਿਨ੍ਹਾਂ ਦਵਾਈਆਂ ਦੀ ਘਾਟ ਚੱਲ ਰਹੀ ਹੈ ਉਨ੍ਹਾਂ ਦੀ ਪੂਰਤੀ ਲਈ ਕੈਨੇਡੀਅਨ ਸਰਕਾਰ ਇੰਪੋਰਟਸ ਉੱਤੇ ਨਿਰਭਰ ਹੈ। ਹੈਲਥ ਕੈਨੇਡਾ ਵੱਲੋਂ ਵਿਦੇਸ਼ਾਂ ਤੋਂ 1·9 ਮਿਲੀਅਨ ਅਜਿਹੀਆਂ ਦਵਾਈਆਂ ਦੀਆਂ ਸ਼ੀਸ਼ੀਆਂ ਮੰਗਵਾਈਆਂ ਗਈਆਂ ਹਨ ਤੇ ਅਜੇ ਹੋਰ ਆਉਣੀਆਂ ਬਾਕੀ ਹਨ। ਇਹ ਖੁਲਾਸਾ ਸਰਕਾਰੀ ਤਰਜ਼ਮਾਨ ਵੱਲੋਂ ਕੀਤਾ ਗਿਆ। ਉਨ੍ਹਾਂ ਇਹ ਵੀ ਆਖਿਆ ਕਿ ਇਨ੍ਹਾਂ ਦਵਾਈਆਂ ਦੀ ਘਾਟ ਨੂੰ ਪੂਰਾ ਕਰਨ ਲਈ ਸਰਕਾਰ ਹਰ ਹੀਲਾ ਵਰਤ ਰਹੀ ਹੈ। ਪਰ ਇਸ ਦੌਰਾਨ ਫਾਰਮਾਸਿਸਟਸ ਵੱਲੋਂ ਇਹ ਚੇਤਾਵਨੀ ਜਾਰੀ ਕੀਤੀ ਗਈ ਹੈ ਕਿ ਇਹ ਇੰਪੋਰਟ ਕਾਫੀ ਨਹੀਂ ਹੋਵੇਗਾ।

## ਹੜ੍ਹਾਂ ਦੀ ਤਬਾਹੀ ਨਾਲ ਨਜਿੱਠਣ ਲਈ ਪਾਕਿਸਤਾਨ ਨੂੰ ਦੁਨੀਆਂ ਦੀ ਮੱਦਦ ਦੀ ਲੋੜ: ਬਿਲਾਵਲ

ਸਫਾ 1 ਦਾ ਬਾਕੀ

ਰਿਹਾ ਹੈ। ਨਿਵੇਸ਼ਕ ਅਜੇ ਵੀ ਦੇਸ ਦੀ ਕਰਜ ਸਮਰੱਥਾ ਨੂੰ ਲੈ ਕੇ ਚਿੰਤਤ ਹਨ ਕਿਉਂਕਿ ਇਸ ਮਹੀਨੇ 8,000 ਕਰੋੜ ਰੁਪਏ ਦੇ ਬਾਂਡ ਭੁਗਤਾਨ ਦੇ ਬਾਵਜੂਦ ਲੰਬੇ ਸਮੇਂ ਦੇ ਡਾਲਰ ਬਾਂਡਾਂ ਦਾ ਵਪਾਰ ਸੰਕਟ ਦੇ ਪੱਧਰ 'ਤੇ ਚੱਲ ਰਿਹਾ ਹੈ।

ਪਾਕਿਸਤਾਨੀ ਵਿਦੇਸ ਮੰਤਰੀ ਭੁੱਟੋ ਨੇ ਇੱਕ ਇੰਟਰਵਿਊ ਵਿੱਚ ਕਿਹਾ, 'ਅਸੀਂ ਆਪਣੇ ਆਪ ਨੂੰ ਇੱਕ ਮੁਸ਼ਕਲ ਸਥਿਤੀ ਵਿੱਚ ਪਾਉਂਦੇ ਹਾਂ, ਜਿੱਥੇ ਅਸੀਂ ਆਈਐਮਐਫ ਦੇ ਨਾਲ ਆਪਣੇ ਮੈਕਰੋ-ਆਰਥਿਕ ਸੰਕੇਤਾਂ ਦਾ ਪ੍ਰਬੰਧਨ ਕਰਨ ਦੀ ਕੋਸ਼ਿਸ਼ ਕਰ ਰਹੇ ਹਾਂ। ਪਾਕਿਸਤਾਨ ਦੇ ਲੋਕਾਂ ਨੂੰ ਅਜੇ ਵੀ ਮਦਦ ਦੀ ਲੋੜ ਹੈ। ਪੁਨਰ ਨਿਰਮਾਣ ਅਤੇ ਮੁੜ ਵਸੇਬੇ ਲਈ ਅੱਗੇ ਦੀ ਯੋਜਨਾ ਬਣਾਉਣ ਦੀ ਲੋੜ ਹੈ।"

ਜੂਨ-ਜੁਲਾਈ ਦੀਆਂ ਗਰਮੀਆਂ ਵਿੱਚ ਪਾਕਿਸਤਾਨ ਵਿੱਚ ਭਿਆਨਕ ਹੜ੍ਹ ਆਇਆ ਸੀ। ਇਸ ਹੜ੍ਹ ਕਾਰਨ 1700 ਤੋਂ ਵੱਧ ਲੋਕਾਂ ਦੀ ਜਾਨ ਚਲੀ ਗਈ। ਇਸ ਹੜ੍ਹ ਕਾਰਨ ਪਾਕਿਸਤਾਨ ਨੂੰ 256,000 ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ। ਹੜ੍ਹ ਕਾਰਨ ਦੇਸ ਦੀਆਂ ਸੜਕਾਂ, ਪੁਲਾਂ ਅਤੇ ਇਮਾਰਤਾਂ ਵਰਗੇ ਸਾਰੇ ਬੁਨਿਆਦੀ ਢਾਂਚੇ ਨੂੰ ਵੀ ਭਾਰੀ ਨੁਕਸਾਨ ਪਹੁੰਚਿਆ ਹੈ। ਪਾਕਿਸਤਾਨ ਨੂੰ ਦੁਨੀਆ ਭਰ ਤੋਂ ਸਹਿਯੋਗ ਅਤੇ ਦਾਨ ਮਿਲਿਆ ਹੈ। ਉਸ ਨੂੰ ਦੁਨੀਆ ਭਰ ਤੋਂ ਅਨਾਜ, ਦਵਾਈਆਂ ਅਤੇ ਪੈਸੇ ਦੇ ਰੂਪ 'ਚ ਮਦਦ ਵੀ ਮਿਲੀ ਪਰ ਪਾਕਿਸਤਾਨ ਅਜੇ ਵੀ ਦੂਜੇ ਦੇਸਾਂ ਤੋਂ ਮਦਦ ਮੰਗ ਰਿਹਾ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜ਼ੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜ਼ੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

## ਕੰਧੇ ਨੀ ਸਰਹੰਦ ਦੀਏ!



ਕੰਧੇ ਨੀ ਸਰਹੰਦ ਦੀਏ, ਕੁੱਝ ਤਾਂ ਮੂੰਹੋਂ ਬੋਲ,
ਗੁੱਝੇ ਭੇਦ ਅਤੀਤ ਦੇ, ਜ਼ਰਾ ਫਿਰ ਤੋਂ ਖੋਲ੍ਹ।

ਤੇਰੇ ਅੰਦਰ ਕੀ ਸਮਾਇਆ, ਤੂੰ ਭਲੇ ਹੀ ਜਾਣੇ,
ਤੇਰੇ ਜ਼ਰੇ ਜ਼ਰੇ ਨਹੀਂ, ਇਤਿਹਾਸ ਤੋਂ ਅਣਜਾਣੇ।

ਤੇਰੀਆਂ ਇੱਟਾਂ ਦਾ ਰੰਗ ਲਾਲ, ਐਵੇਂ ਨਹੀਂ ਹੋਇਆ,
ਇਸ ਵਿੱਚ ਮਾਸੂਮ ਲਾਲਾਂ ਦਾ, ਹੈ ਖ਼ੂਨ ਸਮੋਇਆ।

ਜਿਨ੍ਹਾਂ ਨੇ ਹੱਕ 'ਤੇ ਸੱਚ ਲਈ, ਜੈਕਾਰੇ ਛੱਡ ਕੇ,
ਬਲੀਦਾਨ ਸੀ ਆਪਣੇ ਦਿੱਤੇ, ਸਭ ਲਾਲਚ ਤੱਜ ਕੇ।

ਮਹਾਨ ਨਿੱਕੀਆਂ ਜਿੰਦਾਂ ਨੇ, ਹਿਲਾ ਦਿੱਤੇ ਮੀਨਾਰੇ,
ਮਲੀਆਮੇਟ ਕਰ ਦਿੱਤੇ, ਰਹਿੰਦੀ ਦੁਨੀਆ ਤੱਕ ਸਾਰੇ।

ਗਵਾਹ ਨੇ ਤੇਰੇ ਹੱਕ ਵਿੱਚ, ਕਈ ਅਨੋਖੇ ਦਾਨੀ,
ਜਿਨ੍ਹਾਂ ਨੇ ਸਭ ਕੁੱਝ ਵਾਰ ਕੇ, ਦਿੱਤੀ ਕੁਰਬਾਨੀ।

ਕਈ ਮਰਜੀਵੜੇ ਨਿੱਤਰੇ, ਇਤਿਹਾਸ ਦੇ ਮੋਤੀ,
ਜਗਾਈ ਰੱਖੀ ਜਿਨ੍ਹਾਂ ਨੇ, ਵਫ਼ਾ ਦੀ ਜੋਤੀ।

ਤੈਨੂੰ ਨਤਮਸਤਕ ਹੋਣ ਲਈ, ਕਈ ਆਏ ਬਹਾਦਰ,
ਬੰਦ ਬੰਦ ਕਟਵਾ ਗਏ, ਸੁੱਚੀ ਅਣਖ ਦੀ ਖ਼ਾਤਰ।

ਸ਼ਾਲਾ ਤੇਰੀ ਸ਼ਾਨ ਸਦਾ, ਰਹੇ ਜੱਗ 'ਤੇ ਉੱਚੀ,
ਸੁਣਦੀ ਰਹੇ ਸਿੱਖ ਕੌਮ, ਤੇਰੀ ਦਾਸਤਾਂ ਅਦੁੱਤੀ।

ਕੰਧੇ ਨੀ ਸਰਹੰਦ ਦੀਏ, ਕੁੱਝ ਤਾਂ ਮੂੰਹੋਂ ਬੋਲ,
ਗੁੱਝੇ ਭੇਦ ਅਤੀਤ ਦੇ, ਜ਼ਰਾ ਫਿਰ ਤੋਂ ਖੋਲ੍ਹ।

*-ਰਵਿੰਦਰ ਸਿੰਘ ਕੁੰਦਰਾ*
*ਕਵੈਂਟਰੀ ਯੂ ਕੇ*

## ਦਿੱਲੀ ਸਰਕਾਰ ਵਲੋਂ ਜਾਰੀ ਗੁਰਦੁਆਰਾ ਸਾਹਿਬਾਨਾਂ 'ਚ ਪਾਠ-ਕੀਰਤਨ 'ਤੇ ਪਾਬੰਦੀ ਲਗਾਉਣ ਸਬੰਧੀ ਆਦੇਸ਼ ਰੱਦ ਹੋਏ: ਦਸ਼ਮੇਸ਼ ਸੇਵਾ ਸੁਸਾਇਟੀ

ਦਸ਼ਮੇਸ਼ ਸੇਵਾ ਸੁਸਾਇਟੀ (ਰਜਿ:) ਨੇ ਬੀਤੇ ਦਿਨੀ ਦਿੱਲੀ ਸਰਕਾਰ ਵਲੋਂ ਦਿੱਲੀ ਦੇ ਰੋਹਿਣੀ - ਇਲਾਕੇ 'ਚ ਸਥਾਪਿਤ ਇਕ ਗੁਰਦੁਆਰਾ ਸਾਹਿਬ 'ਚ ਲਾਈ ਪਾਬੰਦੀ ਸਬੰਧੀ ਆਦੇਸ਼ਾਂ ਦੇ ਰੱਦ ਹੋਣ ਨੂੰ ਸ਼ਲਾਘਾਯੋਗ ਕਦਮ ਕਰਾਰ ਦਿੱਤਾ ਹੈ। ਇਸ ਸਬੰਧ 'ਚ ਦਸ਼ਮੇਸ਼ ਸੇਵਾ ਸੁਸਾਇਟੀ (ਰਜਿ:) ਦੇ ਪ੍ਰਧਾਨ 'ਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਂਬਰ ਇੰਦਰ ਮੋਹਨ ਸਿੰਘ ਨੇ ਜਾਣਕਾਰੀ ਦਿੰਦਿਆਂ ਕਿਹਾ ਹੈ ਕਿ ਦਿੱਲੀ ਸਰਕਾਰ ਦੇ ਰੋਹਿਣੀ ਖੇਤਰ ਦੇ ਐਸ।ਡੀ।ਐਮ। ਵਲੋਂ ਬੀਤੇ 19 ਦਿਸੰਬਰ 2022 ਦੇ ਆਦੇਸ਼ਾਂ ਰਾਹੀ ਇਸ ਖੇਤਰ 'ਚ ਸਥਿਤ ਇਕ ਗੁਰ-ਦੁਆਰੇ 'ਚ 10 ਤੋਂ ਵੱਧ ਸ਼ਰਧਾਲੂਆਂ ਦੀ ਇਕ ਸਮੇਂ ਸ਼ਿਰਕਤ ਕਰਨ ਤੋਂ ਮਨਾਹੀ ਕਰਦਿਆਂ ਪਾਠ-ਕੀਰਤਨ ਕੇਵਲ ਇਕ ਘੰਟੇ ਰੋਜਾਨਾ ਸਵੇਰੇ ਕਰਨ 'ਤੇ ਬੀਬੀਆਂ ਨੂੰ ਹਫਤੇ 'ਚ ਇਕ ਦਿਨ ਬਿਨਾ ਮਾਇਕ ਤੋਂ ਸ਼ਾਮ ਸਮੇਂ ਕੇਵਲ ਦੋ ਘੰਟੇ ਲਈ ਪਾਠ 'ਤੇ ਕੀਰਤਨ ਕਰਨ ਦੀ ਪਾਬੰਦੀਆਂ



ਲਗਾਉਂਦਿਆਂ ਹੁਕਮ ਜਾਰੀ ਕੀਤੇ ਸਨ, ਜੋ ਕਿਸੇ ਧਰਮ ਵਲੋਂ ਪਰਮ-ਾਤਮਾ ਦੀ ਇਬਾਦਤ ਕਰਨ 'ਚ ਸਿੱਧੇ ਤੋਰ 'ਤੇ ਜਬਰਨ ਰੋਕ ਸਨ। ਇੰਦਰ ਮੋਹਨ ਸਿੰਘ ਨੇ ਜਾਣਕਾਰੀ ਦਿੰਦਿਆ ਕਿਹਾ ਕਿ ਹਾਲਾਂਕਿ ਬੀਤੇ ਕਲ ਦਿੱਲੀ ਸਰਕਾਰ ਦੇ ਉਤਰ-ਪਛਿਮ ਖੇਤਰ ਦੇ ਜਿਲਾ ਮਜਿਸਟਰੇਟ ਨੇ ਮੋਕੇ ਦੀ ਨਜਾਕਤ 'ਤੇ ਇਲਾਕੇ 'ਚ ਅਮਨ ਸ਼ਾਂਤੀ ਲਈ ਸੰਭਾਵਿਤ ਖਤਰੇ ਦੇ ਮੱਦੇਨਜਰ ਐਸ।ਡੀ।ਐਮ। ਵਲੋਂ ਜਾਰੀ ਉਕਤ ਆਦੇਸ਼ਾਂ ਨੂੰ ਰੱਦ ਕਰ ਦਿੱਤਾ ਹੈ ਪਰੰਤੂ ਸਰਕਾਰ ਨੂੰ ਭਵਿਖ 'ਚ ਇਹੋ ਜਿਹੇ ਕੋਈ ਆਦੇਸ਼ ਜਾਰੀ ਕਰਨ ਤੋਂ ਗੁਰੇਜ ਕਰਨਾ ਚਾਹੀਦਾ ਹੈ ਤਾਕਿ ਸਾਰੇ ਧਰਮਾਂ 'ਚ ਆਪਸੀ ਤਾਲਮੇਲ ਬਣਿਆ ਰਹੇ 'ਤੇ ਕਿਸੇ ਧਰਮ 'ਚ ਆਸਥਾ ਰੱਖਣ ਵਾਲੇ ਸ਼ਰਧਾਲੂ ਆਪਣੇ ਆਪ ਨੂੰ ਅਸੁਰਖਿਅਤ ਮਹਿਸੂਸ ਨਾ ਕਰਨ। ਇੰਦਰ ਮੋਹਨ ਸਿੰਘ ਨੇ ਦਸਿਆ ਕਿ ਭਾਰਤ ਦੇ ਸੰਵਿਧਾਨ 'ਚ ਹਰ ਨਾਗਰਿਕ ਨੂੰ ਆਪਣੇ ਧਰਮ ਮੁਤ-ਾਬਿਕ ਪਾਠ-ਪੂਜਾ ਕਰਨ ਦੀ ਪੂਰਨ ਆਜਾਦੀ ਹੈ ਬਸ਼ਰਤੇ ਉਹ ਕਿਸੇ ਹੋਰ ਦੀ ਨਿਜੀ ਜਿੰਦਗੀ 'ਚ ਨਕਾਰਾਤਮਕ ਪ੍ਰਭਾਵ ਨਾ ਪਾਉਂਦੀ ਹੋਵੇ। ਉਨ੍ਹਾਂ ਕਿਹਾ ਕਿ ਹਾਲਾਂਕਿ ਇਲਾਕੇ 'ਚ ਅਮਨ-ਸ਼ਾਂਤੀ ਬਰਕਰਾਰ ਰਖਣ ਦੀ ਜੁੰਮੇਵਾਰੀ ਸਰਕਾਰ ਦੀ ਹੁੰਦੀ ਹੈ ਪਰੰਤੂ ਇਸ ਪ੍ਰਕਾਰ ਦੀ ਧਾਰਮਿਕ ਪਾਬੰਦੀਆਂ ਲਗਾ ਕੇ ਸ਼ਰਧਾਲੂਆਂ ਨੂੰ ਆਪਣੇ ਇਸ਼ਟ ਦੀ ਇਬਾਦਤ ਕਰਨ ਤੋਂ ਰੋਕਿਆ ਨਹੀ ਜਾ ਸਕਦਾ ਹੈ।

*-ਇੰਦਰ ਮੋਹਨ ਸਿੰਘ,*
*ਸਾਬਕਾ ਮੈਂਬਰ,*
*ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਦਿੱਲੀ ਗੁਰੁਦੁਆਰਾ ਮਾਮਲਿਆਂ ਦੇ ਜਾਣਕਾਰ*
*ਮੋਬਾਇਲ: 9971564801*

## ਸੂਬੇ ਦੇ ਚਹੁਮੁਖੀ ਵਿਕਾਸ ਵਿੱਚ ਲੋਕ ਸਰਗਰਮ ਭਾਈਵਾਲ ਬਣਨ: ਕੁਲਦੀਪ ਧਾਲੀਵਾਲ

* ਵਿਕਾਸ ਭਵਨ ਵਿਖੇ 'ਜਨਤਾ ਦਰਬਾਰ' ਵਿੱਚ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ



ਚੰਡੀਗੜ੍ਹ, 20 ਦਸੰਬਰ (ਗਿਆਨ ਸਿੰਘ) - ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੂੰ ਸੂਬੇ ਦੇ ਚਹੁੰਮੁਖੀ ਵਿਕਾਸ ਲਈ ਸਰਗਰਮ ਭਾਈਵਾਲ ਬਣਾਵੇਗੀ। ਇਹ ਪ੍ਰਗਟਾਵਾ ਪੰਜਾਬ ਦੇ ਪੇਂਡੂ ਵਿਕਾਸ ਦੇ ਪੰਚਾਇਤ, ਖੇਤੀਬਾੜੀ ਤੇ ਕਿਸਾਨ ਭਲਾਈ ਅਤੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਨੇ ਅੱਜ ਵਿਕਾਸ ਭਵਨ, ਐਸ।ਏ।ਐਸ। ਨਗਰ (ਮੁਹਾਲੀ) ਵਿਖੇ ਆਯੋਜਿਤ ਹਫਤਾਵਾਰੀ 'ਜਨਤਾ ਦਰਬਾਰ' ਦੌਰਾਨ ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਮੌਕੇ ਕੀਤਾ।

ਧਾਲੀਵਾਲ ਨੇ ਕਿਹਾ ਕਿ ਸੂਬਾ ਸਰਕਾਰ ਲੋਕਾਂ ਦੇ ਮਾਮਲਿਆਂ ਦੇ ਹੱਲ ਤੋਂ ਇਲਾਵਾ ਪੰਜਾਬ ਦੇ ਚਹੁੰਮੁਖੀ ਵਿਕਾਸ ਵਿੱਚ ਉਨਾਂ ਨੂੰ ਸਰਗਰਮ ਭਾਈਵਾਲ ਬਣਾ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸ਼ਿਕਾਇਤਾਂ 'ਤੇ ਪੰਚਾਇਤੀ ਹੀ ਜ਼ਮੀਨਾਂ 'ਤੇ ਕੀਤੇ ਨਾਜਾਇਜ਼ ਕਬਜ਼ਿਆਂ ਨੂੰ ਛੁਡਾਉਣ ਲਈ ਦੂਜੀ ਮੁਹਿੰਮ ਚਲਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਪਹਿਲੀ ਮੁਹਿੰਮ ਦੌਰਾਨ 10 ਹਜ਼ਾਰ ਏਕੜ ਤੋਂ ਵੱਧ ਪੰਚਾਇਤੀ ਜ਼ਮੀਨ ਨੂੰ ਨਾਜਾਇਜ਼ ਕਬਜ਼ਿਆਂ ਤੋਂ ਮੁਕਤ ਕਰਵਾਇਆ ਗਿਆ ਹੈ।

ਧਾਲੀਵਾਲ ਨੇ ਅਧਿਕਾਰੀਆਂ ਨੂੰ ਲੋਕਾਂ ਦੀਆਂ ਸ਼ਿਕਾਇਤਾਂ ਦਾ ਛੇਤੀ ਨਿਪਟਾਰਾ ਕਰਨ ਦੇ ਆਦੇਸ਼ ਦਿੰਦਿਆਂ ਕਿਹਾ ਕਿ ਸ਼ਿਕਾਇਤਾਂ ਤੇ ਸਮੱਸਿਆਵਾਂ ਦਾ ਨਿਪਟਾਰਾ ਬਿਨ੍ਹਾ ਦੇਰੀ ਕਰਨਾ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਨੇ ਆਪਣੇ ਵਿਭਾਗਾਂ ਨਾਲ ਸਬੰਧਤ ਮੁਲਾਜ਼ਮਾਂ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਕੰਮ ਕਰਨ ਦੀ ਸਲਾਹ ਦਿੰਦਿਆਂ ਕਿਹਾ ਕਿ ਸੂਬਾ ਸਰਕਾਰ ਭ੍ਰਿਸ਼ਟ ਮੁਲਾਜ਼ਮਾਂ ਨੂੰ ਨਹੀਂ ਬਖ਼ਸ਼ੇਗੀ।

ਧਾਲੀਵਾਲ ਨੇ ਅੱਗੇ ਦੱਸਿਆ ਕਿ ਅੱਜ 100 ਤੋਂ ਵੱਧ ਮਾਮਲਿਆਂ ਦੀ ਸੁਣਵਾਈ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ 'ਜਨਤਾ ਦਰਬਾਰ' ਪ੍ਰੋਗਰਾਮ ਤਹਿਤ ਜ਼ਿਆਦਾਤਰ ਮਸਲੇ ਤੁਰੰਤ ਹੀ ਹੱਲ ਕੀਤੇ ਜਾ ਰਹੇ ਹਨ।

## ਸਾਲ 2022 ਦੇ ਉਸਾਰੂ ਤੇ ਉਤਪਾਦਕ ਪਾਰਲੀਮੈਂਟ ਸੈਸ਼ਨ ਦਾ ਸਫ਼ਰ ਮੈਂਬਰ ਪਾਰਲੀਮੈਂਟ ਸੋਨੀਆ ਸਿੱਧੂ ਨੇ ਦੋ ਸਫਲ ਅੰਤਰ-ਰਾਸ਼ਟਰੀ ਫੇਰੀਆਂ ਨਾਲ ਕੀਤਾ ਸੰਪੰਨ









ਬਰੈਂਪਟਨ, 21 ਦਸੰਬਰ (ਪੋਸਟ ਬਿਊਰੋ)- ਸਾਲ 2022 ਹੁਣ ਅਖੀਰਲੇ ਪੜਾਅ 'ਤੇ ਹੈ ਅਤੇ ਇਸ ਦੇ ਦੌਰਾਨ ਬਰੈਂਪਟਨ ਸਾਊਥ ਤੋਂ ਮੈਂਬਰ ਪਾਰਲੀਮੈਂਟ ਸੋਨੀਆ ਸਿੱਧੂ ਨੇ ਪਾਰਲੀਮੈਂਟ ਸੈਸ਼ਨ ਦਾ ਇਹ ਸਮਾਂ ਆਪਣੀਆਂ ਦੋ ਅੰਤਰ-ਰਾਸ਼ਟਰੀ ਉਸਾਰੂ ਤੇ ਉਤਪਾਦਕ ਫੇਰੀਆਂ ਨਾਲ ਸਫਲਤਾ ਪੂਰਵਕ ਸੰਪੰਨ ਕੀਤਾ ਹੈ ਜਿਨ੍ਹਾਂ ਵਿਚ ਸੈਨ ਡੀਗੋ, ਕੈਲੇਫੋਰਨੀਆ ਦੇ ਟੂਰ ਸਮੇਤ ਲਿਸਬਨ, ਪੁਰਤਗਾਲ ਵਿਖੇ ਹੋਈ ਡਾਇਬੇਟੀਜ਼ ਸਬੰਧੀ ਅੰਤਰ-ਰਾਸ਼ਟਰੀ ਕਾਨਫਰੰਸ ਵੀ ਸ਼ਾਮਲ ਹੈ।

'ਸਟੇਟੱਸ ਆਫ ਵਿਮੈਨ ਕਮੇਟੀ' ਦੀ ਮੈਂਬਰ ਹੋਣ ਦੇ ਨਾਤੇ ਉਨ੍ਹਾਂ ਨੇ ਆਪਣੇ ਸਾਥੀਆ ਨਾਲ ਸਰਕਾਰ ਨੂੰ ਦੋ ਰਿਪੋਰਟਾਂ ਪੇਸ਼ ਕੀਤੀਆਂ। ਪਹਿਲੀ ਰਿਪੋਰਟ ਕੈਨੇਡਾ ਵਿੱਚ ਅਤਿ-ਨੇੜਲੇ ਸਾਥੀਆਂ ਅਤੇ ਪਰਿਵਾਰਾਂ ਵਿੱਚ ਚੱਲ ਰਹੀ ਹਿੰਸਾ ਉੱਪਰ ਕੇਂਦ੍ਰਿਤ ਸੀ। ਇਹ ਰਿਪੋਰਟ ਕੈਨੇਡਾ ਸਰਕਾਰ ਨੂੰ ਘਰੇਲੂ ਹਿੰਸਾ ਰੋਕਣ ਅਤੇ ਪੀੜਤਾਂ ਦੀ ਯੋਗ ਸਹਾਇਤਾ ਕਰਨ ਲਈ ਲਏ ਜਾਣ ਵਾਲੇ ਢੰਗਾਂ ਤਰੀਕਿਆਂ ਦੇ ਸੁਝਾਵਾਂ ਬਾਰੇ ਸੀ। ਦੂਸਰੀ ਰਿਪੋਰਟ ਕੈਨੇਡਾ ਦੀਆਂ ਪੁਰਾਤਨ-ਵਾਸੀ 'ਇੰਡੀਜੀਨੀਅਸ' ਔਰਤਾਂ ਅਤੇ ਲੜਕੀਆਂ ਬਾਰੇ ਸੀ। ਇਸ ਦੇ ਬਾਰੇ ਐਮ।ਪੀ। ਸੋਨੀਆ ਸਿੱਧੂ ਨੇ ਸੈਨ ਡੀਗੋ ਵਿੱਚ ਡਿਸਟ੍ਰਿਕਟ ਅਟਾਰਨੀ ਦੇ ਨਾਲ ਵਿਸਥਾਰ ਪੂਰਵਕ ਚਰਚਾ ਕੀਤੀ ਜੋ ਕਿ 'ਫੈਮਿਲੀ ਜਸਟਿਸ ਮਾਡਲ' ਦੇ ਚੈਂਪੀਅਨ ਹਨ ਅਤੇ ਇਹ ਮਾਡਲ ਪੀਲ ਰੀਜਨ ਦੇ ਸੁਰੱਖਿਅਤ ਸੈਂਟਰ ਬਰੈਂਪਟਨ ਵਿੱਚ ਸਫਲਤਾ ਪੂਰਵਕ ਕੰਮ ਕਰ ਰਿਹਾ ਹੈ।

ਇਸ ਹਫ਼ਤੇ ਦੇ ਆਰੰਭ ਵਿੱਚ ਸੋਨੀਆ ਸਿੱਧੂ ਪੁਰਤਗਾਲ ਦੇ ਉਸਾਰੂ ਪਾਰਲੀਮੈਂਟ ਦੌਰੇ ਤੋਂ ਵਾਪਸ ਪਰਤੇ। ਉਨ੍ਹਾਂ ਨੇ ਕਾਨਫਰੰਸ ਵਿੱਚ 'ਆਲ ਪਾਰਟੀ ਡਾਇਬੇਟੀਜ਼ ਕਾਕਸ' ਅਤੇ 'ਡਾਇਰੈਕਟਰ ਕੈਨੇਡਾ-ਪੁਰਤਗਾਲ ਪਾਰਲੀਮੈਂਟਰੀ ਫਰੈਂਡਸ਼ਿਪ ਗਰੁੱਪ' ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੂੰ ਉੱਥੇ 'ਇੰਟਰਨੈਸ਼ਨਲ ਡਾਇਬੇਟੀਜ਼ ਫੈਡਰੇਸ਼ਨ ਕਾਨਫਰੰਸ 2022' ਨੂੰ ਸੰਬੋਧਨ ਕਰਨ ਲਈ ਸੱਦਾ-ਪੱਤਰ ਭੇਜਿਆ ਗਿਆ ਸੀ। ਕਾਨਫਰੰਸ ਵਿੱਚ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੇ ਕੈਨੇਡਾ ਦੀ ਪਾਰਲੀਮੈਂਟ ਵਿਚ ਡਾਇਬੇਟੀਜ਼ ਸਬੰਧੀ ਬਿੱਲ ਪਾਸ ਕਰਵਾਉਣ ਦੀ ਆਪਣੀ ਸਫਲਤਾ ਬਾਰੇ ਦੱਸਿਆ ਜਿਸ ਨਾਲ ਕੈਨੇਡਾ ਵਿਚ 'ਨੈਸ਼ਨਲ ਫਰੇਮਵਰਕ ਫਾਰ ਡਾਇਬੇਟੀਜ਼' ਦੀ ਸਥਾਪਨਾ ਹੋਵੇਗੀ।

ਇਸ ਦੇ ਬਾਰੇ ਦੱਸਦਿਆਂ ਸੋਨੀਆ ਸਿੱਧੂ ਨੇ ਕਿਹਾ, "ਭਾਵੇਂ ਕੈਨੇਡਾ-ਵਾਸੀਆਂ ਲਈ ਚੰਗੇਰਾ ਸਿਹਤ-ਢਾਂਚਾ ਬਨਾਉਣ ਦੀ ਗੱਲ ਹੋਵੇ ਤੇ ਭਾਵੇਂ ਘਰੇਲੂ-ਹਿੰਸਾ ਨੂੰ ਰੋਕਣ ਲਈ ਹੰਭਲਾ ਮਾਰਨਾ ਹੋਵੇ, ਤੇ ਭਾਵੇਂ ਬਰੈਂਪਟਨ- ਵਾਸੀਆਂ ਦਾ ਕੋਈ ਵੀ ਮਸਲਾ ਹੋਵੇ, ਮੈਂ ਇਨ੍ਹਾਂ ਲਈ ਪਹਿਲਾਂ ਵੀ ਕੰਮ ਕਰਦੀ ਰਹੀ ਹਾਂ ਅਤੇ ਅੱਗੋਂ ਵੀ ਇਹ ਕੰਮ ਇੰਜ ਹੀ ਜਾਰੀ ਰੱਖਾਂਗੀ। ਮੈਂ ਜਾਣਦੀ ਹੈ ਕਿ ਇਨ੍ਹਾਂ ਮੁੱਦਿਆਂ ਉੱਪਰ ਅਜੇ ਬਹੁਤ ਕੰਮ ਕਰਨ ਵਾਲਾ ਹੈ ਅਤੇ ਮੈਂ ਇਨ੍ਹਾਂ ਲਈ ਔਟਵਾ ਵਿੱਚ ਤੁਹਾਡੀ ਆਵਾਜ਼ ਬੁਲੰਦ ਕਰਦੀ ਰਹਾਂਗੀ।"

ਕੌਮੀ ਪੱਧਰ 'ਤੇ ਸਿਹਤ ਸੁਰੱਖਿਆ ਅਤੇ ਔਰਤਾਂ ਦੇ ਅਧਿਕਾਰਾਂ ਬਾਰੇ ਚੱਲ ਰਹੀਆਂ ਕਾਰਵਾਈਆਂ ਬਾਰੇ ਮੈਂਬਰ ਪਾਰਲੀਮੈਂਟ ਸੋਨੀਆ ਸਿੱਧੂ ਬਰੈਂਪਟਨ-ਵਾਸੀਆਂ ਨੂੰ ਗਾਹੇ-ਬਗਾਹੇ ਜਾਣਕਾਰੀ ਪ੍ਰਦਾਨ ਕਰਦੇ ਰਹਿੰਦੇ ਹਨ ਅਤੇ ਉਨ੍ਹਾਂ ਨਵੇਂ ਸਾਲ ਵਿੱਚ ਵੀ ਇੰਜ ਹੀ ਕੰਮ ਕਰਨ ਦੇ ਆਪਣੇ ਅਹਿਦ ਨੂੰ ਦੁਹਰਾਇਆ। ਇਸ ਦੇ ਨਾਲ ਹੀ ਉਨ੍ਹਾਂ ਨੇ ਸਾਰਿਆਂ ਨੂੰ ਆਉਣ ਵਾਲੇ ਨਵੇਂ ਸਾਲ ਦੀ ਅਗਾਊਂ ਮੁਬਾਰਕਬਾਦ ਵੀ ਸਾਂਝੀ ਕੀਤੀ।

NEED A LAWYER ??
KAUR LAW OFFICE
Red Seal NOTARY



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ।।
RSFO Ramgarhia Sikh Foundation of Ontario
Ramgarhia Sikh Foundation of Ontario
10th International Award 2023
Dedicated to the 300th Birth Anniversary of Maharaja Jassa Singh Ramgarhia
300 ਸਾਲਾ ਮਹਾਰਾਜਾ ਰਾਮਗੜ੍ਹੀਆ ਦੇ ਨਾਮ

| | | |
|---|---|---|
| 19th May | Welcoming Guests | 10am |
| 19th May | Lunch | 1pm to 3pm |
| 20th May | Seminar | 10am to 4pm |
| 21th May | Presentation of Awards | 10am to 4pm |

on Friday, 19th May 2023
10:00am to 6:00pm
Century Gardens Recreations Complex (Auditorium 1)
340 Vodden Street East, Brampton, ON, L6V 2N2



Bhupinder Singh Seera (647) 833-6960
Ravinder Pal Singh Sond (647) 403-6767
Gurucharan Singh (Dubai) (416) 845-1019
Mohinder Singh Kundi (647) 294-1669
Harpal Singh Matharu (416) 579 3817
Jaswinder Singh Bhachu (416) 728 2776
Baldev Singh Mankoo (647) 2089729
Karnail Singh Marwaha (416) 567 5159

Daljit S. Gaidhu, Chairman, 416-305-9878
Jasbir S. Sehmbi, Vice Chairman, 437-774-1410
Manjit S. Bhachu, President, 416-275-2374
Jarnail S. Matharu, Treasurer, 416-409-6207
Hardial S. Jheeta, General Secretary, 647-409-8915

Address: 7956 Torbram Road #40, Bldg-B, Brampton, ON, L6T 5A2, Canada

# ਓਕਰਿਜ ਇੰਟਰਨੈਸ਼ਨਲ ਸਕੂਲ ਦੇ ਖਿਡਾਰੀ ਰਾਸ਼ਟਰੀ ਅਤੇ ਰਾਜ ਪੱਧਰ ’ਤੇ ਚਮਕੇ, ਸਤਵੀਂ ਜਮਾਤ ਦੀ ਆਫ਼ਰੀਨ ਸਚਦੇਵ ਅੰਡਰ-14 ਫੁੱਟਬਾਲ ਨੈਸ਼ਨਲ ਚੈਂਪੀਅਨਸ਼ਿਪ ਵਿਚ ਚੁਣੀ ਗਈ


ਵੱਖ ਵੱਖ ਖੇਡ ਮੁਕਾਬਲਿਆਂ ਵਿਚ ਬਿਹਤਰੀਨ ਪ੍ਰਦਰਸ਼ਨ ਕਰਨ ਵਾਲੇ ਓਕਰੇਜ਼ ਇੰਟਰਨੈਸ਼ਨਲ ਸਕੂਲ ਦੇ ਖਿਡਾਰੀ।

ਮੋਹਾਲੀ, 21 ਦਸੰਬਰ (ਪੋਸਟ ਬਿਊਰੋ) - ਓਕਰੇਜ਼ ਇੰਟਰਨੈਸ਼ਨਲ ਸਕੂਲ ਦੇ ਕਈ ਖਿਡਾਰੀਆਂ ਨੇ ਰਾਸ਼ਟਰੀ ਅਤੇ ਰਾਜ ਪੱਧਰ ’ਤੇ ਮੋਹਾਲੀ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦੀ ਪਹਿਲੀ ਖਿਡਾਰੀ ਗਰੇਡ ਸੱਤ ਦੀ ਆਫ਼ਰੀਨ ਸਚਦੇਵ ਨੂੰ ਅੰਡਰ-14 ਫੁੱਟਬਾਲ ਨੈਸ਼ਨਲ ਕੈਂਪ ਵਿਚ ਚੁਣਿਆ ਗਿਆ ਹੈ। ਉਹ ਇੱਕੋ ਇੱਕ ਖਿਡਾਰਨ ਹੈ ਜੋ ਮੁਹਾਲੀ ਤੋਂ ਰਾਸ਼ਟਰੀ ਪੱਧਰ ਦੀ ਚੈਂਪੀਅਨਸ਼ਿਪ ਲਈ ਚੁਣੀ ਗਈ ਹੈ। ਇਸੇ ਤਰਾਂ ਗਰੇਡ ਦਸ ਦੀ ਰਿਧੀਮਾ ਆਰੀਆ ਨੇ ਅੰਡਰ-17 ਲਾਅਨ ਟੈਨਿਸ ਨੈਸ਼ਨਲ ਕੈਂਪ ਲਈ ਚੁਣੀ ਗਈ ਹੈ। ਇਸ ਤੋਂ ਇਲਾਵਾ ਰਿਧੀਮਾ ਆਰੀਆ ਦੀ ਅਗਵਾਈ ਵਿਚ ਮੁਹਾਲੀ ਦੀ ਅੰਡਰ-14 ਲੜਕੀਆਂ ਦੀ ਲਾਅਨ ਟੈਨਿਸ ਟੀਮ ਰਾਜ ਵਿਚ ਦੂਜੇ ਸਥਾਨ ਤੇ ਰਹੀ । ਜਦ ਕਿ ਸਕੂਲ ਦੀ ਹੀ ਛੇਵੀਂ ਕਲਾਸ ਦੀ ਭਵਿਆ ਜੇਤੂ ਟੀਮ ਦਾ ਹਿੱਸਾ ਰਹੀ। ਅਗਲੀ ਖਿਡਾਰਨ ਸਤਵੀਂ ਕਲਾਸ ਦੀ ਸਾਨਵੀ ਮਿੱਢਾ ਨੇ ਅੰਡਰ-14 ਗਰਲਜ਼ ਟੇਬਲ ਟੈਨਿਸ ਸਟੇਟ ਚੈਂਪੀਅਨਸ਼ਿਪ ਵਿਚ ਮੁਹਾਲੀ ਦੀ ਟੀਮ ਵੱਲੋਂ ਹਿੱਸਾ ਲੈ ਕੇ ਦੂਜਾ ਸਥਾਨ ਪ੍ਰਾਪਤ ਕੀਤਾ।

ਓਕਰੇਜ਼ ਸਕੂਲ ਦੇ ਖਿਡਾਰੀਆਂ ਦੀ ਉਪਲਬਧੀ ਇੱਥੇ ਹੀ ਖ਼ਤਮ ਨਹੀਂ ਹੁੰਦੀ। ਪੰਜਵੀ ਕਲਾਸ ਦੇ ਤਨਿਸ਼ ਨੰਦਾ ਨੇ ਏ ਆਈ ਟੀ ਏ ਆਲ ਇੰਡੀਆ ਟੈਨਿਸ ਐਸੋਸੀਏਸ਼ਨ ਦੇ ਸੋਨੀਪਤ ਵਿਚ ਹੋਏ ਅੰਡਰ 12 ਦੇ ਸਿੰਗਲ ਮੁਕਾਬਲੇ ਵਿਚ ਰਨਰ-ਅੱਪ ਦਾ ਖ਼ਿਤਾਬ ਜਿੱਤਿਆ। ਅਗਲੀ ਖਿਡਾਰਨ ਜਾਨਿਆ ਮਲਹਾਨ ਨੇ ਮੋਹਾਲੀ ਗੋਲਫ ਰੇਂਜ ਵਿਚ ਹੋਏ ਐਮ ਜੀ ਆਰ ਗੋਲਫ ਕੱਪ 2022 ਮੁਕਾਬਲੇ ਦੀ ਟਰਾਫ਼ੀ ਆਪਣੇ ਨਾਮ ਕੀਤੀ।

ਸਕੂਲ ਦੇ ਪ੍ਰਿੰਸੀਪਲ ਸੁਮਨ ਕਾਲੜਾ ਨੇ ਸਭ ਖਿਡਾਰੀਆਂ ਨੂੰ ਵਧਾਈ ਦਿੰਦੇ ਹੋਏ ਦੱਸਿਆਂ ਕਿ ਓਕਰੇਜ਼ ਇੰਟਰਨੈਸ਼ਨਲ ਸਕੂਲ ਵਿਚ ਵਿਦਿਆਰਥੀਆਂ ਲਈ ਨਾ ਸਿਰਫ਼ ਅਕਾਦਮਿਕ ਖੇਤਰਾਂ ਵਿਚ ਬਿਹਤਰੀਨ ਅਧਿਆਪਕ ਸਿੱਖਿਆਂ ਦੇ ਰਹੇ ਹਨ, ਬਲਕਿ ਖੇਡਾਂ ਲਈ ਵੀ ਕੌਮੀ ਅਤੇ ਕੌਮਾਂਤਰੀ ਪੱਧਰ ਦੇ ਕੋਚ ਖੇਡ ਸੇਵਾਵਾਂ ਦਿੰਦੇ ਹਨ । ਇਸ ਤਰਾਂ ਖੇਡ ਦੇ ਮੈਦਾਨਾਂ ਵਿਚ ਵੀ ਹਰ ਖਿਡਾਰੀ ਦੇ ਹੁਨਰ ਨੂੰ ਵਿਕਸਤ ਕੀਤਾ ਜਾਂਦਾ ਹੈ। ਪ੍ਰਿੰਸੀਪਲ ਕਾਲੜਾ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਖੇਡਾਂ ਜੀਵਨ ਦਾ ਅਨੀਖੜਵਾਂ ਅੰਗ ਹਨ, ਇਸ ਲਈ ਹਰ ਵਿਦਿਆਰਥੀ ਨੂੰ ਪੜਾਈ ਦੇ ਨਾਲ ਨਾਲ ਖੇਡਾਂ ਵਿਚ ਵੀ ਖ਼ਾਸ ਰੁਝਾਨ ਰੱਖਣਾ ਚਾਹੀਦਾ ਹੈ।

# ਪੰਜਾਬ ਸਰਕਾਰ ਵਲੋਂ ਮਾਲਵਾ ਖੇਤਰ ਦੇ ਪ੍ਰਵਾਸੀ ਭਾਰਤੀਆਂ ਨਾਲ ਮਿਲਣੀ 26 ਦਸੰਬਰ ਨੂੰ

*** ਵਿਸ਼ੇਸ਼ ਸਕੱਤਰ ਐਨ ਆਰ ਆਈ ਵਿਭਾਗ ਵੱਲੋਂ ਤਿਆਰੀਆਂ ਦਾ ਜਾਇਜ਼ਾ * ਪ੍ਰਵਾਸੀ ਪੰਜਾਬੀ ਭਾਰਤੀਆਂ ਨੂੰ ਵੱਧ ਤੋਂ ਵੱਧ ਸ਼ਿਰਕਤ ਕਰਨ ਦਾ ਸੱਦਾ * ਪੋਰਟਲ ਉੱਪਰ ਆਨਲਾਇਨ ਹੋ ਸਕੇਗੀ ਰਜਿਸਟ੍ਰੇਸ਼ਨ**





ਮੋਗਾ, 20 ਦਸੰਬਰ (ਗਿਆਨ ਸਿੰਘ) ਪੰਜਾਬ ਸਰਕਾਰ ਵਲੋਂ ਮਾਲਵਾ ਖੇਤਰ ਦੇ ਪ੍ਰਵਾਸੀ ਭਾਰਤੀਆਂ ਨਾਲ ਬਿਹਤਰੀਨ ਤਾਲਮੇਲ ਸਥਾਪਿਤ ਕਰਕੇ ਉਨ੍ਹਾਂ ਨੂੰ ਸੂਬੇ ਦੀ ਤਰੱਕੀ ਵਿਚ ਭਾਈਵਾਲ ਬਣਾਉਣ ਤੇ ਜੜ੍ਹਾਂ ਨਾਲ ਜੋੜਨ ਦੇ ਮੰਤਵ ਨਾਲ ‘ਐਨ।ਆਰ।ਆਈ। ਪੰਜਾਬੀਆਂ ਨਾਲ ਮਿਲਣੀ' 26 ਦਸੰਬਰ ਨੂੰ ਸਥਾਨਕ ਆਈ ਐੱਸ ਐੱਫ ਕਾਲਜ, ਮੋਗਾ-ਫਿਰੋਜ਼ਪੁਰ ਰੋਡ, ਘੱਲ ਕਲਾਂ ਵਿਖੇ ਹੋਵੇਗੀ। ਇਸ ਸਬੰਧੀ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਐਨ ਆਰ ਆਈ ਵਿਭਾਗ ਦੇ ਵਿਸ਼ੇਸ਼ ਸਕੱਤਰ ਸ਼੍ਰੀਮਤੀ ਕੰਵਲਪ੍ਰੀਤ ਕੌਰ ਬਰਾੜ ਨੇਅ ਮੋਗਾ ਦਾ ਦੌਰਾ ਕੀਤਾ ਅਤੇ ਪ੍ਰਬੰਧਾਂ ਸੰਬੰਧੀ ਦਿਸ਼ਾ ਨਿਰਦੇਸ਼ ਜਾਰੀ ਕੀਤੇ।

ਉਹਨਾਂ ਨੇ ਦੱਸਿਆ ਕਿ ਮੋਗਾ ਦੇ ਨਾਲ-ਨਾਲ ਫਿਰੋਜ਼ਪੁਰ, ਫਰੀਦਕੋਟ, ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ, ਬਠਿੰਡਾ ਤੇ ਮਾਨਸਾ ਜ਼ਿਲ੍ਹਿਆਂ ਨਾਲ ਸਬੰਧਿਤ ਪ੍ਰਵਾਸੀ ਭਾਰਤੀ ਵੀ ਇਸੇ ਮਿਲਣੀ ਵਿਚ ਸ਼ਾਮਿਲ ਹੋ ਸਕਣਗੇ। ਇਸ ਮਿਲਣੀ ਦੌਰਾਨ ਉੱਚ ਅਧਿਕਾਰੀਆਂ ਵੱਲੋਂ ਐਨਆਰਆਈਜ ਦੀਆਂ ਸਿਕਾਇਤਾਂ/ਮੁਸ਼ਕਲਾਂ/ਮਸਲਿਆਂ ਦੀ ਸੁਣਵਾਈ ਕਰਕੇ ਮੌਕੇ ’ਤੇ ਹੱਲ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ 26 ਦਸੰਬਰ ਨੂੰ ਸਵੇਰੇ 10:00 ਵਜੇ ਰਜਿਸਟ੍ਰੇਸ਼ਨ ਸ਼ੁਰੂ ਹੋਵੇਗੀ, ਜਿਸ ਉਪਰੰਤ ਪ੍ਰਵਾਸੀ ਭਾਰਤੀਆਂ ਦੇ ਮਾਮਲਿਆਂ ਬਾਰੇ ਮੰਤਰੀ ਸ੍ਰੀ ਕੁਲਦੀਪ ਸਿੰਘ ਧਾਲੀਵਾਲ ਐਨਆਰਆਈਜ਼ ਨਾਲ ਵਿਚਾਰ ਵਟਾਂਦਰਾ ਕਰਨਗੇ। ਇਸ ਤੋਂ ਇਲਾਵਾ ਐਨਆਰਆਈਜ਼ ਪੰਜਾਬ ਸਰਕਾਰ ਦੇ ਪੋਰਟਲ https://eserivces.punjab.govi.n ਰਾਹੀਂ ਵੀ ਆਨਲਾਇਨ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।

ਜ਼ਿਲ੍ਹਾ ਪੁਲਿਸ ਮੁਖੀ ਸ੍ ਗੁਲਨੀਤ ਸਿੰਘ ਖੁਰਾਣਾ ਅਤੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਸੁਭਾਸ਼ ਚੰਦਰ ਨੇ ਜ਼ਿਲ੍ਹਾ ਮੋਗਾ ਨਾਲ ਸਬੰਧਿਤ ਪ੍ਰਵਾਸੀ ਭਾਰਤੀਆਂ ਨੂੰ ਐਨ।ਆਰ।ਆਈਜ਼ ਮਿਲਣੀ ਵਿਚ ਵੱਧ ਤੋਂ ਵੱਧ ਸ਼ਿਰਕਤ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਉਹ ਮਿਲਣੀ ਮੌਕੇ ਆਪਣੇ ਮਸਲੇ ਤੇ ਸੁਝਾਅ ਰੱਖਣ ਤਾਂ ਜੋ ਪੰਜਾਬ ਸਰਕਾਰ ਵਲੋਂ ਉਨ੍ਹਾਂ ਦੀ ਸਹੂਲਤ ਮੁਤਾਬਿਕ ਨੀਤੀ ਨਿਰਮਾਣ ਕੀਤਾ ਜਾ ਸਕੇ।ਇਸ ਮੌਕੇ ਐੱਸ ਡੀ ਐੱਮ ਸ੍ਰੀ ਰਾਮ ਸਿੰਘ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਸ਼ਹੀਦੀ ਜੋੜ ਮੇਲੇ ਦੇ ਸਮਾਗਮ 23, 24, ਤੇ 25 ਦਸੰਬਰ ਨੂੰ

ਟੋਰਾਂਟੋ, 21 ਦਸੰਬਰ (ਪੋਸਟ ਬਿਊਰੋ)- ਦੁਨੀਆਂ ਭਰ ਵਿੱਚ ਵੱਸਦੀ ਨਾਨਕ ਨਾਮ ਲੇਵਾ ਸੰਗਤ ਹਰ ਸਾਲ ਦਸੰਬਰ ਮਹੀਨੇ ਵਿੱਚ ਪੈਂਦੇ ਦਸਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂਗੋਬਿੰਦ ਸਿੰਘ ਜੀ ਦੇ ਚਾਰੇ ਸਾਹਿਬਜ਼ਾਦਿਆਂ ਬਾਬਾ ਅਜੀਤ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ, ਬਾਬਾ ਜ਼ੋਰਾਵਰ ਸਿੰਘ ਜੀ ਤੇ ਬਾਬਾ ਫ਼ਤਿਹ ਸਿੰਘ ਜੀ ਸਮੇਤ ਮਾਤਾ ਗੁਜਰੀ ਜੀ ਦਾ ਸ਼ਹੀਦੀ ਪੁਰਬ ਵੱਲੋਂ ਬੜੀ ਸ਼ਰਧਾ ਭਾਵਨਾ ਨਾਲ ਮਨਾਇਆਜਾਂਦਾ ਹੈ। ਇਸ ਸੰਬੰਧੀ ਪੰਜਾਬ ਵਿੱਚ ਫ਼ਤਿਹਗੜ ਸਾਹਿਬ ਵਿਖੇ ਬਹੁਤ ਵੱਡੇਸਮਾਗਮ ਕੀਤੇ ਜਾਂਦੇ ਹਨ। ਇਸੇ ਦੇ ਸੰਬੰਧ ਵਿੱਚ ਟੋਰਾਂਟੋ ਖੇਤਰ ਵਿੱਚ ਬਾਬਾ ਜ਼ੋਰਾਵਰ ਸਿੰਘ-ਬਾਬਾ ਫ਼ਤਿਹ ਸਿੰਘ ਯਾਦਗਾਰ ਕਮੇਟੀ ਵੱਲੋਂ ਵੀ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ਼ਹੀਦੀ ਸਮਾਗਮ ਆਯੋਜਿਤ ਕੀਤੇ ਜਾਂਦੇ ਹਨ। ਹਰ ਸਾਲ ਦੀ ਤਰਾਂ ਇਸ ਸਾਲ ਵੀ ਇਹ ਸਲਾਨਾ ਜੋੜ ਮੇਲਾ ਸਮਾਗਮ ਮਿਸੀਸਾਅਗਾ ਦੇ ਡਿਕਸੀ ਰੋਡ ਗੁਰਦੁਆਰਾ ਸਾਹਿਬ ਵਿਖੇ ਬੜੀ




ਸ਼ਰਧਾ ਤੇ ਉਤਸ਼ਾਹ ਨਾਲ ਕਰਵਾਏਜਾ ਰਹੇ ਹਨ। ਇਸ ਸੰਬੰਧੀ 23 ਦਸੰਬਰ 2022 ਦਿਨ ਸ਼ੁੱਕਰਵਾਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਆਖੰਡ ਪਾਠ ਸਵੇਰੇ 10:30 ਵਜੇ ਹਾਲ ਨੰਬਰ 3 ਤੇ 4 ਵਿੱਚ ਆਰੰਭ ਹੋਣਗੇਜਿਸ ਦੇ ਭੋਗ 25 ਦਸੰਬਰ 2022 ਦਿਨ ਐਤਵਾਰ ਨੂੰ 11:00 ਵਜੇ ਪੈਣਗੇ। ਉਪਰੰਤ ਰਾਗੀਆਂ ਢਾਡੀ ਦਰਬਾਰ ਅਤੇ ਕੀਰਤਨੀ ਜੱਥਿਆਂ ਵੱਲੋਂ ਕੀਰਤਨ ਦਰਬਾਰ ਸਜਾਏ ਜਾਣਗੇ। ਬੱਚਿਆਂ ਨੂੰ ਸਿੱਖੀ ਸੋਚ ਨਾਲ ਜੋੜਣ ਹਿੱਤ ਬੱਚਿਆਂ ਦਾ ਕੀਰਤਨ ਦਰਬਾਰ ਵੀ ਕਰਵਾਇਆ ਜਾਵੇਗਾ।ਇਸ ਉਪਰੰਤ ਪ੍ਰਸਿੱਧ ਕਥਾਕਾਰਾਂ ਵੱਲੋਂਗੁਰਮਤਿ ਵੀਚਾਰਾਂ ਕੀਤੀਆਂ ਜਾਣਗੀਆਂ। ਪ੍ਰਬੰਧਕਾਂ ਵੱਲੋਂ ਸਮੂਹ ਨਾਨਕ ਨਾਮਲੇਵਾ ਸੰਗਤਾਂ ਨੂੰ ਬੇਨਤੀ ਕੀਤੀ ਗਈ ਹੈ ਕਿ ਪਰਿਵਾਰਾਂ ਸਮੇਤ ਇਸ ਸਮਾਗਮਵਿੱਚ ਪਹੁੰਚ ਕੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਤੇ ‘ਲੋਕ ਸੁਖੀਏ ਪ੍ਰਲੋਕ ਸੁਹੇਲੇ ਨਾਨਕ ਹਰਿ ਪ੍ਰਭ ਆਪੇ ਮੇਲੇ’ ਦੇ ਮਹਾਂਵਾਕ ਅਨੁਸਾਰ ਜੀਵਨ ਸਫਲ ਕਰਨ। ਇਸ ਸਮਾਗਮ ਸੰਬੰਧੀ ਹੋਰ ਜਾਣਕਾਰੀ ਲੈਣ ਅਤੇ ਸੇਵਾ ਕਰਨ ਲਈਲਈ 647-833-2748 ਅਤੇ 905-670-3311 ਫ਼ੋਨ ਨੰਬਰਾਂ ਤੇਸੰਪਰਕ ਕੀਤਾ ਜਾ ਸਕਦਾ ਹੈ।







## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ ’ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5’11” ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂMBA ਅਤੇ ਕੈਨੇਡਾ ਤੋਂMarketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ ’ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com







## ਕੇਅਰ ਗਿਵਰ ਦੀ ਲੋੜ



ਬਜ਼ੁਰਗ ਔਰਤ ਨੂੰ ਸੰਭਾਲਣ ਲਈ ਕੇਅਰ ਗਿਵਰ ਦੀ ਲੋੜ ਹੈ। ਵਧੀਆ ਤਨਖਾਹ ਦਿੱਤੀ ਜਾਵੇਗੀ। **‘PR’** ਲਈ ਮੱਦਦ ਕੀਤੀ ਜਾਵੇਗੀ। Location ‘Winnipeg, MB’ ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:

**204-333-9000, 416-818-3777**







## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

# ਡਾ.ਨਿੱਜਰ ਨੇ ਜੀ-20 ਸਿਖਰ ਸੰਮੇਲਨ ਦੇ ਸੰਬੰਧ 'ਚ ਅੰਮ੍ਰਿਤਸਰ ਦੇ ਸੁੰਦਰੀਕਰਨ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

*** ਕੈਬਨਿਟ ਸਬ ਕਮੇਟੀ ਨੇ ਅਧਿਕਾਰੀਆਂ ਨੂੰ ਸੁੰਦਰੀਕਰਨ ਦੇ ਕੰਮ ਸਮੇਂ ਸਿਰ ਮੁਕੰਮਲ ਕਰਨ ਦੇ ਦਿੱਤੇ ਨਿਰਦੇਸ਼ ***

**ਸਥਾਨਕ ਪੱਧਰ 'ਤੇ ਵੀ ਇਕ ਸਬ ਕਮੇਟੀ ਬਣਾਉਣ ਲਈ ਡੀ.ਸੀ. ਅੰਮ੍ਰਿਤਸਰ ਨੂੰ ਹਦਾਇਤਾਂ ਜਾਰੀ**



ਚੰਡੀਗੜ੍ਹ, 21 ਦਸੰਬਰ (ਪੋਸਟ ਬਿਊਰੋ) – ਜੀ-20 ਸੰਮਲੇਨ ਲਈ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਸਥਾਨਕ ਸਰਕਾਰਾਂ ਮੰਤਰੀ ਡਾ।ਇੰਦਰਬੀਰ ਸਿੰਘ ਨਿੱਜਰ ਦੀ ਅਗਵਾਈ ਵਿੱਚ ਸਬ ਕੈਬਨਿਟ ਕਮੇਟੀ ਦੀ ਮੀਟਿੰਗ ਮਿਉਂਸੀਪਲ ਭਵਨ ਚੰਡੀਗੜ੍ਹ ਵਿਖੇ ਹੋਈ। ਮੀਟਿੰਗ ਵਿੱਚ ਕੈਬਨਿਟ ਸਬ ਕਮੇਟੀ ਦੇ ਮੈਂਬਰ ਕੁਲਦੀਪ ਸਿੰਘ ਧਾਲੀਵਾਲ, ਹਰਜੋਤ ਸਿੰਘ ਬੈਂਸ ਅਤੇ ਹਰਭਜਨ ਸਿੰਘ ਵੀ ਹਾਜ਼ਰ ਸਨ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਥਾਨਕ ਸਰਕਾਰਾਂ ਮੰਤਰੀ ਡਾ।ਨਿੱਜਰ ਨੇ ਦੱਸਿਆ ਕਿ ਜੀ- 20 ਸੰਮੇਲਨ ਮਾਰਚ 2023 ਵਿੱਚ ਪਵਿੱਤਰ ਨਗਰੀ ਅੰਮ੍ਰਿਤਸਰ ਵਿਖੇ ਸੰਭਾਵੀ ਤੌਰ ਤੇ 15 ਤੋਂ 17 ਮਾਰਚ 2023 ਨੂੰ ਹੋਣ ਜਾ ਰਿਹਾ ਹੈ। ਇਸ ਜੀ-20 ਸਿਖਰ ਸੰਮੇਲਨ ਵਿਚ ਪ੍ਰਮੁੱਖ ਦੇਸ਼ਾਂ ਦੇ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਅਤੇ ਹੋਰ ਅੰਤਰਰਾਸ਼ਟਰੀ ਡੈਲੀਗੇਟ ਵੀ ਸ਼ਾਮਲ ਹੋਣਗੇ। ਉਹਨਾਂ ਨੇ ਦੱਸਿਆ ਕਿ ਇਹ ਸੂਬੇ ਲਈ ਬੜੇ ਮਾਣ ਦੀ ਗੱਲ ਹੈ ਕਿ ਅੰਤਰਰਾਸ਼ਟਰੀ ਪੱਧਰ ਦਾ ਇਹ ਸਮਾਗਮ ਪੰਜਾਬ ਵਿੱਚ ਹੋਣ ਜਾ ਰਿਹਾ ਹੈ।

ਕੈਬਨਿਟ ਮੰਤਰੀ ਡਾ। ਨਿੱਜਰ ਦੀ ਅਗਵਾਈ ਵਾਲੀ ਕੈਬਨਿਟ ਸਬ ਕਮੇਟੀ ਨੇ ਅੰਮ੍ਰਿਤਸਰ ਦੇ ਸੁੰਦਰੀਕਰਨ ਸਬੰਧੀ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਵੱਖ-ਵੱਖ ਵਿਭਾਗਾਂ ਦੇ ਹਾਜਰ ਹੋਏ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਜੀ-20 ਸੰਮੇਲਨ ਦੇ ਸਬੰਧ ਵਿਚ ਅੰਮ੍ਰਿਤਸਰ ਦੇ ਸੁੰਦਰੀਕਰਨ ਲਈ ਵਿਕਾਸ ਕਾਰਜਾਂ ਵਿਚ ਕੋਈ ਕਮੀ ਨੀ ਛੱਡੀ ਜਾਵੇ। ਮੰਤਰੀ ਨੇ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਸੂਬੇ ਦੇ ਅੰਮ੍ਰਿਤਸਰ ਸ਼ਹਿਰ ਨੂੰ ਭਾਰਤ ਦੀ ਤਰਫੋ ਦੁਨੀਆ ਦੇ ਨਕਸ਼ੇ 'ਤੇ ਪੇਸ਼ ਕੀਤਾ ਜਾਣਾ ਹੈ, ਇਸ ਲਈ ਅੰਮ੍ਰਿਤਸਰ ਦੇ ਸੁੰਦਰੀਕਰਨ ਲਈ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਵਰਤਣ ਵਾਲੇ ਅਧਿਕਾਰੀ ਨੂੰ ਬਖਸ਼ਿਆਂ ਨਹੀਂ ਜਾਵੇਗਾ।

ਕੈਬਨਿਟ ਮੰਤਰੀ ਡਾ। ਇੰਦਰਬੀਰ ਸਿੰਘ ਨਿੱਜਰ ਦੀ ਅਗਵਾਈ ਵਾਲੀ ਕੈਬਨਿਟ ਸਬ ਕਮੇਟੀ ਵੱਲੋਂ ਡਿਪਟੀ ਕਮਿਸ਼ਨਰ ਅਮ੍ਰਿਤਸਰ ਨੂੰ ਨਿਰਦੇਸ਼ ਦਿੱਤੇ ਹਨ ਕਿ ਅੰਮ੍ਰਿਤਸਰ ਦੇ ਮੇਅਰ ਦੀ ਅਗਵਾਈ ਵਿਚ ਇਕ ਸਥਾਨਕ ਕਮੇਟੀ ਬਣਾਈ ਜਾਵੇ ਤਾਂ ਜੋ ਜੀ-20 ਦੇ ਸਬੰਧ ਵਿੱਚ ਅੰਮ੍ਰਿਤਸਰ ਵਿਖੇ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਅਤੇ ਹੋਰ ਤਿਆਰੀਆਂ ਦਾ ਜਾਇਜ਼ਾ ਸਮੇਂ-ਸਮੇਂ ਤੇ ਲਿਆ ਜਾ ਸਕੇ।

ਉਹਨਾਂ ਦੱਸਿਆ ਕਿ ਕੀਤੇ ਜਾਣ ਵਾਲੇ ਕੰਮਾਂ ਵਿੱਚ ਸੜਕਾਂ ਦੀ ਮੁਰੰਮਤ, ਸਟਰੀਟ ਲਾਈਟਾਂ ਦੇ ਕੰਮ, ਗਰੀਨ ਬੈਲਟ ਬਨਾਉਣਾ, ਗੋਲਡਨ ਗੇਟ ਨੂੰ ਰੰਗ ਕਰਨਾ, ਸਾਲਿਡ ਵੇਸਟ ਮੈਨੇਜਮੈਂਟ ਦੇ ਕੰਮ ਵਿੱਚ ਸੁਧਾਰ, ਸਾਇਨੇਜ ਬੋਰਡ ਲਗਾਉਣਾ,ਬਿਜਲੀ ਤੇ ਟਰੈਫਿਕ ਲਾਈਟਾਂ ਦੇ ਕੰਮ ਸ਼ਾਮਲ ਹਨ।

ਡਾ। ਨਿੱਜਰ ਨੇ ਅੱਗੇ ਦੱਸਿਆ ਕਿ ਜੀ-20 ਸੰਮੇਲਨ ਲਈ ਅੰਮ੍ਰਿਤਸਰ ਸ਼ਹਿਰ ਦੇ ਸੁੰਦਰੀਕਰਨ ਲਈ ਵਿਕਾਸ ਕਾਰਜਾਂ ਤੇ ਤਕਰੀਬਨ 100 ਕਰੋੜ ਰੁਪਏ ਖਰਚ ਕੀਤੇ ਜਾਣਗੇ। ਉਹਨਾਂ ਨੇ ਦੱਸਿਆ ਕਿ ਇਸ ਆਲਮੀ ਸਮਾਗਮ ਦੀ ਸਫਲਤਾ ਲਈ ਵਿਆਪਕ ਪੱਧਰ ਤੇ ਪ੍ਰਬੰਧ ਕੀਤੇ ਜਾਣਗੇ। ਸਥਾਨਕ ਸਰਕਾਰਾਂ ਮੰਤਰੀ ਨੇ ਖੁਲਾਸਾ ਕੀਤਾ ਕਿ ਇਸ ਅੰਤਰਰਾਸ਼ਟਰੀ ਸਮਾਗਮ ਨਾਲ ਜਿੱਥੇ ਸੂਬਾ ਵਿਸ਼ਵ ਸੂਬਾ ਸੈਰ-ਸਪਾਟੇ ਦੇ ਨਕਸ਼ੇ 'ਤੇ ਉਭਰੇਗਾ ਉਥੇ ਨਾਲ ਹੀ ਨਿਵੇਸ਼ ਨੂੰ ਵੀ ਹੁਲਾਰਾ ਮਿਲਣ ਦੀ ਸੰਭਾਵਨਾ ਹੈ।

ਉਹਨਾਂ ਨੇ ਇਸ ਮੌਕੇ ਸ਼ਹਿਰ ਦੀ ਸੁੰਦਰਤਾ ਅਤੇ ਮੁੱਢਲਾ ਢਾਂਚਾ ਮਜ਼ਬੂਤ ਕਰਨ ਲਈ ਕੀਤੇ ਜਾਣ ਵਾਲੇ ਕੰਮਾਂ ਦੇ ਵੇਰਵੇ ਦਿੰਦੇ ਕਿਹਾ ਕਿ ਜੋ ਵੀ ਕੰਮ ਕੀਤਾ ਜਾਵੇਗਾ ਉਹ ਕੇਵਲ ਪ੍ਰੋਗਰਾਮ ਲਈ ਨਹੀਂ, ਬਲਕਿ ਸ਼ਹਿਰ ਵਾਸੀਆਂ ਦੀ ਲੋੜ ਅਨੁਸਾਰ ਮਜ਼ਬੂਤ ਅਤੇ ਵਧੀਆ ਗੁਣਵੱਤਾ ਵਾਲੇ ਕੰਮ ਹੋਣਗੇ।

ਕੈਬਨਿਟ ਸਬ ਕਮੇਟੀ ਨੇ ਮੀਟਿੰਗ ਵਿੱਚ ਹਾਜ਼ਰ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਹਰ ਹੀਲੇ ਅੰਮ੍ਰਿਤਸਰ ਵਿਖੇ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਨੂੰ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕਰਨਾ ਯਕੀਨੀ ਬਣਾਇਆ ਜਾਵੇ।

ਇਸ ਮੌਕੇ ਸਥਾਨਕ ਸਰਕਾਰਾਂ ਵਿਭਾਗ ਦੇ ਪ੍ਰਮੁੱਖ ਸਕੱਤਰ, ਸ੍ਰੀ ਵਿਵੇਕ ਪ੍ਰਤਾਪ ਸਿੰਘ, ਡਾਇਰੈਕਟਰ, ਸ੍ਰੀ ਉਮਾ ਸ਼ੰਕਰ ਗੁੱਪਤਾ, ਡਿਪਟੀ ਕਮਿਸ਼ਨਰ ਅੰਮ੍ਰਿਤਸਰ, ਕਮਿਸ਼ਨਰ, ਨਗਰ ਨਿਗਮ, ਅੰਮ੍ਰਿਤਸਰ ਅਤੇ ਹੋਰ ਅਧਿਕਾਰੀ ਸ਼ਾਮਲ ਸਨ।

# ਚੀਨ 'ਚ ਫਿਰ ਤੋਂ ਡਰਾਉਣ ਲੱਗਾ ਕੋਰੋਨਾ ਵਾਇਰਸ, 10 ਲੱਖ ਤੋਂ ਵੱਧ ਲੋਕਾਂ ਦੀ ਹੋ ਸਕਦੀ ਹੈ ਮੌਤ



ਬੀਜਿੰਗ, 21 ਦਸੰਬਰ (ਪੋਸਟ ਬਿਊਰੋ) – ਚੀਨ ਵਿੱਚ ਕੋਰੋਨਾ ਵਾਇਰਸ ਦੇ ਮਾਮਲਿਆਂ ਨੇ ਇੱਕ ਵਾਰ ਫਿਰ ਤੋਂ ਚੀਨ ਨੂੰ ਡਰਾਉਣਾ ਸੁਰੂ ਕਰ ਦਿੱਤਾ ਹੈ। ਇੱਕ ਚੋਟੀ ਦੇ ਚੀਨੀ ਸਿਹਤ ਅਧਿਕਾਰੀ ਦੇ ਅਨੁਸਾਰ, ਚੀਨ ਇਸ ਸਰਦੀਆਂ ਵਿੱਚ ਕੋਵਿਡ ਸੰਕਰਮਣ ਦੀਆਂ ਤਿੰਨ ਸੰਭਾਵਿਤ ਲਹਿਰਾਂ ਵਿੱਚੋਂ ਪਹਿਲੀ ਦਾ ਸਾਹਮਣਾ ਕਰ ਰਿਹਾ ਹੈ। ਇਸ ਮਹੀਨੇ ਦੇ ਸੁਰੂ ਵਿਚ ਸਭ ਤੋਂ ਗੰਭੀਰ ਪਾਬੰਦੀਆਂ (ਕੋਵਿਡ ਬੈਨ) ਨੂੰ ਹਟਾਉਣ ਤੋਂ ਬਾਅਦ, ਦੇਸ ਵਿਚ ਕੋਵਿਡ ਦੇ ਮਾਮਲਿਆਂ ਵਿੱਚ ਵਾਧਾ ਦੇਖਿਆ ਜਾ ਰਿਹਾ ਹੈ। ਕੋਵਿਡ ਟੈਸਟਾਂ ਵਿੱਚ ਕਮੀ ਕਾਰਨ ਕੇਸਾਂ ਵਿੱਚ ਵਾਧਾ ਹੋਇਆ ਹੈ। ਰਿਪੋਰਟ ਮੁਤਾਬਕ ਚੀਨ 'ਚ ਅਗਲੇ ਕੁਝ ਮਹੀਨਿਆਂ 'ਚ 80 ਕਰੋੜ ਲੋਕ ਕੋਰੋਨਾ ਸੰਕਰਮਿਤ ਹੋ ਸਕਦੇ ਹਨ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ 2023 ਵਿੱਚ ਚੀਨ ਵਿੱਚ ਕੋਵਿਡ ਦੇ ਮਾਮਲਿਆਂ ਵਿੱਚ ਭਾਰੀ ਵਾਧੇ ਕਾਰਨ 10 ਲੱਖ ਤੋਂ ਵੱਧ ਲੋਕਾਂ ਦੀ ਮੌਤ ਹੋ ਸਕਦੀ ਹੈ।

ਮਹਾਂਮਾਰੀ ਵਿਗਿਆਨੀ ਵੂ ਜੁਨਯਾਓ ਨੇ ਕਿਹਾ ਹੈ ਕਿ ਉਨ੍ਹਾਂ ਦਾ ਮੰਨਣਾ ਹੈ ਕਿ ਕੋਰੋਨਾ ਸੰਕਰ-ਮਣ ਵਿੱਚ ਮੌਜੂਦਾ ਵਾਧਾ ਮੱਧ ਜਨਵਰੀ ਤੱਕ ਰਹੇਗਾ, ਜਦੋਂ ਕਿ ਦੂਜੀ ਲਹਿਰ 21 ਜਨਵਰੀ ਦੇ ਆਸਪਾਸ ਸੁਰੂ ਹੋਵੇਗੀ। ਇਸ ਸਮੇਂ, ਦੇਸ ਵਿੱਚ ਇੱਕ ਹਫਤਾ ਭਰ ਚੰਦਰ ਸਾਲ ਦਾ ਜਸਨ ਚੱਲਦਾ ਹੈ, ਜਿਸ ਕਾਰਨ ਲੱਖਾਂ ਲੋਕ ਦੇਸ ਵਿੱਚ ਆਉਂਦੇ-ਜਾਂਦੇ ਹਨ। ਅਜਿਹੇ 'ਚ ਮਰੀਜਾਂ ਦੀ ਗਿਣਤੀ 'ਚ ਵਾਧਾ ਹੋ ਸਕਦਾ ਹੈ। ਤੀਜੀ ਲਹਿਰ ਫਰਵਰੀ ਦੇ ਅੰਤ ਅਤੇ ਮਾਰਚ ਦੇ ਵਿਚਕਾਰ ਆ ਸਕਦੀ ਹੈ। ਇਸ ਸਮੇਂ ਸਾਰੇ ਲੋਕ ਆਪਣੀਆਂ ਛੁੱਟੀਆਂ ਮੰਨ ਕੇ ਵਾਪਸ ਪਰਤ ਜਾਂਦੇ ਹਨ। ਅਜਿਹੀ ਸਥਿਤੀ ਵਿੱਚ, ਵਧੇਰੇ ਲੋਕ ਸੰਕਰਮਣ ਦੀ ਰਿਪੋਰਟ ਕਰ ਸਕਦੇ ਹਨ। ਡਾਕਟਰ ਵੂ ਜੁਨਯਾਓ ਦੀ ਇਹ ਟਿੱਪਣੀ ਇਸ ਹਫਤੇ ਦੇ ਸੁਰੂ ਵਿੱਚ ਅਮਰੀਕਾ ਦੇ ਇੱਕ ਵੱਕਾਰੀ ਖੋਜ ਸੰਸਥਾਨ ਦੀ ਰਿਪੋਰਟ ਤੋਂ ਬਾਅਦ ਆਈ ਹੈ।

## ਇੰਡੀਗੋ ਦੇ ਕਰੂ ਮੈਂਬਰ ਅਤੇ ਯਾਤਰੀ ਵਿਚਾਲੇ ਬਹਿਸ, ਜਾਂਚ ਸੂਰੂ



ਨਵੀਂ ਦਿੱਲੀ, 21 ਦਸੰਬਰ (ਪੋਸਟ ਬਿਊਰੋ) – ਇਕ ਇੰਡੀਗੋ ਫਲਾਈਟ ਦੇ ਕਰੂ ਮੈਂਬਰ ਅਤੇ ਉਸ ਫਲਾਈਟ 'ਚ ਸਫਰ ਕਰ ਰਹੇ ਯਾਤਰੀ ਵਿਚਾਲੇ ਕਿਸੇ ਗੱਲ ਨੂੰ ਲੈ ਕੇ ਬਹਿਸ ਹੋ ਗਈ। ਜਿਸ ਦੀ ਵੀਡੀਓ ਇੰਟਰਨੈੱਟ 'ਤੇ ਵਾਇਰਲ ਹੋ ਗਈ। ਇਸਤਾਂਬੁਲ ਤੋਂ ਦਿੱਲੀ ਜਾ ਰਹੀ ਇੰਡੀਗੋ ਦੀ ਫਲਾਈਟ 'ਚ ਚਾਲਕ ਦਲ ਦੇ ਮੈਂਬਰ ਅਤੇ ਯਾਤਰੀ ਵਿਚਾਲੇ ਝਗੜਾ ਹੋ ਗਿਆ।

ਇਸ ਬਹਿਸ ਦੀ ਇਕ ਵੀਡੀਓ ਵੀ ਉਸੇ ਫਲਾਈਟ 'ਚ ਸਫਰ ਕਰ ਰਹੇ ਇਕ ਹੋਰ ਯਾਤਰੀ ਨੇ ਬਣਾਈ ਸੀ, ਜਿਸ ਨੂੰ ਬਾਅਦ 'ਚ ਉਸ ਨੇ ਟਵਿੱਟਰ 'ਤੇ ਪੋਸਟ ਕੀਤਾ ਸੀ। ਇਸ ਘਟਨਾ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਇੰਡੀਗੋ ਨੇ ਕਿਹਾ ਕਿ ਜਿਸ ਯਾਤਰੀ ਨਾਲ ਕਰੂ ਮੈਂਬਰ ਦੀ ਬਹਿਸ ਹੋਈ ਸੀ, ਉਸ ਨੇ ਫਲਾਈਟ 'ਚ ਸਵਾਰ ਹੋਣ ਸਮੇਂ ਦੁਰਵਿਵਹਾਰ ਕੀਤਾ ਅਤੇ ਬਾਅਦ 'ਚ ਏਅਰਹੋਸਟੈੱਸ ਨਾਲ ਦੁਰਵਿਵਹਾਰ ਕੀਤਾ। ਕਿਉਂਕਿ ਚਾਲਕ ਦਲ ਦਾ ਮੈਂਬਰ ਜਿਸ ਨਾਲ ਯਾਤਰੀ ਦੀ ਬਹਿਸ ਹੋ ਰਹੀ ਸੀ, ਉਹ ਟੀਮ ਦਾ ਆਗੂ ਸੀ, ਇਸ ਲਈ ਉਸ ਨੂੰ ਮਾਮਲੇ ਵਿੱਚ ਦਖਲ ਦੇਣਾ ਪਿਆ। ਏਅਰਲਾਈਨ ਨੇ ਇਕ ਹੋਰ ਬਿਆਨ ਜਾਰੀ ਕਰਕੇ ਕਿਹਾ ਹੈ ਕਿ ਅਸੀਂ ਪੂਰੇ ਮਾਮਲੇ ਦੀ ਜਾਂਚ ਕਰ ਰਹੇ ਹਾਂ। ਸਾਡੇ ਲਈ, ਸਾਡੇ "ਗਾਹਕ" ਦੀ ਸਹੂਲਤ ਸਾਡੀ ਤਰਜੀਹ ਹੈ।

ਦੱਸ ਦੇਈਏ ਕਿ ਜਹਾਜ ਵਿੱਚ ਦੁਰਵਿਵਹਾਰ ਦਾ ਇਹ ਕੋਈ ਪਹਿਲਾ ਵੀਡੀਓ ਨਹੀਂ ਹੈ। ਇਸ ਤੋਂ ਪਹਿਲਾਂ, ਇੰਡੀਗੋ ਦੇ ਇੱਕ ਪਾਇਲਟ ਨੂੰ ਇੱਕ ਮਹਿਲਾ ਯਾਤਰੀ ਨਾਲ ਦੁਰਵਿਵਹਾਰ ਕਰਨ ਲਈ ਡਾਇਰੈਕਟੋਰੇਟ ਜਨਰਲ ਆਫ ਸਿਵਲ ਐਵੀਏਸਨ (ਡੀਜੀਸੀਏ) ਨੇ ਤਿੰਨ ਮਹੀਨਿਆਂ ਲਈ ਮੁਅੱਤਲ ਕਰ ਦਿੱਤਾ ਸੀ। ਪਾਇਲਟ ਨੇ ਮਹਿਲਾ ਯਾਤਰੀ ਨੂੰ ਆਪਣੀ ਬੀਮਾਰ ਮਾਂ ਲਈ ਵ੍ਹੀਲ ਚੇਅਰ ਮੰਗਣ 'ਤੇ ਜੇਲ੍ਹ ਭੇਜਣ ਦੀ ਧਮਕੀ ਦਿੱਤੀ ਸੀ। ਹਾਲਾਂਕਿ ਘਟਨਾ ਦੇ ਤੁਰੰਤ ਬਾਅਦ ਏਅਰਲਾਈਨਜ ਨੇ ਪਾਇਲਟ ਨੂੰ ਡਿਊਟੀ ਤੋਂ ਹਟਾ ਦਿੱਤਾ। ਹੁਣ ਡੀਜੀਜੀਏ ਨੇ ਪਾਇਲਟ 'ਤੇ ਕਾਰਵਾਈ ਕੀਤੀ ਹੈ। ਦੱਸ ਦੇਈਏ ਕਿ ਮਾਮਲਾ ਚੇਨਈ ਤੋਂ ਬੈਂਗਲੁਰੂ ਜਾਣ ਵਾਲੀ ਫਲਾਈਟ ਦਾ ਸੀ।

# ਮਣੀਪੁਰ 'ਚ ਸਕੂਲੀ ਬੱਸ ਪਲਟਣ ਕਾਰਦ 9 ਬੱਚਿਆਂ ਦੀ ਮੌਤ, 20 ਤੋਂ ਵੱਧ ਜ਼ਖਮੀ



ਇੰਫਾਲ, 21 ਦਸੰਬਰ (ਪੋਸਟ ਬਿਊਰੋ) – ਮਨੀਪੁਰ ਦੇ ਨੋਨੀ ਜ਼ਿਲੇ ਵਿੱਚ ਬੁੱਧਵਾਰ ਨੂੰ ਇੱਕ ਸਕੂਲ ਬੱਸ ਪਲਟਣ ਕਾਰਨ 9 ਵਿਦਿਆਰਥੀਆਂ ਦੀ ਮੌਤ ਹੋ ਗਈ। ਇਸ ਦੇ ਨਾਲ ਹੀ 20 ਹੋਰ ਜਖਮੀ ਹੋ ਗਏ, ਜਿਨ੍ਹਾਂ ਵਿਚੋਂ ਕਈਆਂ ਦੀ ਹਾਲਤ ਗੰਭੀਰ ਬਣੀ ਹੋਈ ਹੈ। ਵਿਦਿਆਰਥੀਆਂ ਨੂੰ ਲੈ ਕੇ ਜਾ ਰਹੀ ਬੱਸ ਪਹਾੜੀ ਜ਼ਿਲੇ ਦੇ ਲੋਂਗਸਾਈ ਇਲਾਕੇ ਦੇ ਕੋਲ ਪੁਰਾਣੀ ਕਛਰ ਰੋਡ 'ਤੇ ਇਕ ਮੋੜ 'ਤੇ ਅਚਾਨਕ ਪਲਟ ਗਈ, ਜਿਸ ਕਾਰਨ 5 ਵਿਦਿਆਰਥੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਜਖਮੀਆਂ ਨੂੰ ਵੱਖ-ਵੱਖ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ, ਜਿੱਥੇ ਦੋ ਹੋਰ ਵਿਦਿਆਰਥੀਆਂ ਨੇ ਦਮ ਤੋੜ ਦਿੱਤਾ।

ਅਧਿਕਾਰੀਆਂ ਨੇ ਦੱਸਿਆ ਕਿ ਮਰਨ ਵਾਲਿਆਂ ਦੀ ਗਿਣਤੀ ਵਧਣ ਦੀ ਸੰਭਾਵਨਾ ਹੈ ਕਿਉਂਕਿ ਕਈ ਵਿਦਿਆਰਥੀਆਂ ਦੀ ਹਾਲਤ ਨਾਜੁਕ ਦੱਸੀ ਜਾ ਰਹੀ ਹੈ। ਹਾਦਸੇ ਵਾਲੀ ਥਾਂ ਰਾਜ ਦੀ ਰਾਜਧਾਨੀ ਇੰਫਾਲ ਤੋਂ ਕਰੀਬ 55 ਕਿਲੋਮੀਟਰ ਦੂਰ ਹੈ। ਪੁਲਸ ਸੂਤਰਾਂ ਨੇ ਦੱਸਿਆ ਕਿ ਥੰਬਲਾਨੂ ਹਾਇਰ ਸੈਕੰਡਰੀ ਸਕੂਲ ਦੇ ਵਿਦਿਆਰਥੀ ਦੋ ਬੱਸਾਂ 'ਚ ਨੋਨੀ ਜਿਲੇ ਦੇ ਖੂਪੂਮ ਲਈ ਸਾਲਾਨਾ ਸਕੂਲ ਸਟੱਡੀ ਟੂਰ 'ਤੇ ਸਨ।

## ਰੂਸ ਨੇ ਯੂਕਰੇਨ 'ਤੇ ਕੀਤਾ ਇਕ ਹੋਰ ਵੱਡਾ ਹਮਲਾ, 70 ਤੋਂ ਵੱਧ ਮਿਜਾਈਲਾਂ ਦਾਗੀਆਂ

ਕੀਵ, 21 ਦਸੰਬਰ (ਪੋਸਟ ਬਿਊਰੋ) – ਯੂਕਰੇਨ ਦੇ ਅਧਿਕਾਰੀਆਂ ਨੇ ਕਿਹਾ ਕਿ ਰੂਸ ਨੇ ਯੁੱਧ ਦੀ ਸੁਰੂਆਤ ਤੋਂ ਬਾਅਦ ਆਪਣੇ ਸਭ ਤੋਂ ਵੱਡੇ ਹਮਲਿਆਂ ਵਿੱਚੋਂ ਇੱਕ ਵਿਚ ਯੂਕਰੇਨ ਉੱਤੇ 70 ਤੋਂ ਵੱਧ ਮਿਜਾਈਲਾਂ ਦਾਗੀਆਂ।ਹਮਲੇ ਨੇ ਕੀਵ ਨੂੰ ਐਮਰਜੈਂਸੀ ਬਲੈਕਆਊਟ ਲਗਾਉਣ ਲਈ ਮਜਬੂਰ ਕੀਤਾ।ਉਨ੍ਹਾਂ ਕਿਹਾ ਕਿ ਕੇਂਦਰੀ ਕ੍ਰਿਵੀ ਰਿਹ ਦੇ ਇਕ ਅਪਾਰਟਮੈਂਟ 'ਤੇ ਹੋਏ ਹਮਲੇ ਵਿਚ ਤਿੰਨ ਲੋਕ ਮਾਰੇ ਗਏ ਸਨ ਜਦਕਿ ਇਕ ਹੋਰ ਦੱਖਣ ਵਿਚ ਖੇਰਸਨ ਵਿਚ ਗੋਲੀਬਾਰੀ ਵਿਚ ਮਾਰਿਆ ਗਿਆ ਸੀ। ਕਬਜੇ ਵਾਲੇ ਪੂਰਬੀ ਯੂਕਰੇਨ ਵਿੱਚ ਰੂਸੀ ਅਧਿਕਾਰੀਆਂ ਨੇ ਕਿਹਾ ਕਿ ਯੂਕਰੇਨ ਦੀ ਗੋਲੀਬਾਰੀ ਵਿੱਚ 12 ਲੋਕ ਮਾਰੇ ਗਏ ਹਨ।

ਇੱਕ ਸਾਮ ਦੇ ਵੀਡੀਓ ਸੰਬੋਧਨ ਵਿੱਚ, ਯੂਕਰੇਨ ਦੇ ਰਾਸਟਰਪਤੀ ਵੋਲੋਦੀਮੀਰ ਜੇਲੇਨਸਕੀ ਨੇ ਕਿਹਾ ਕਿ ਰੂਸ ਕੋਲ ਅਜੇ ਵੀ ਵੱਡੇ ਪੱਧਰ 'ਤੇ ਹਮਲਿਆਂ ਲਈ ਕਾਫੀ ਮਿਜਾਈਲਾਂ ਹਨ, ਉਨ੍ਹਾਂ ਪੱਛਮੀ ਸਹਿਯੋਗੀਆਂ ਨੂੰ ਕੀਵ ਨੂੰ ਵੱਧ ਤੋਂ ਵੱਧ ਅਤੇ ਬਿਹਤਰ ਹਵਾਈ ਰੱਖਿਆ ਪ੍ਰਣਾਲੀਆਂ ਦੀ ਸਪਲਾਈ ਕਰਨ ਦੀ ਅਪੀਲ ਕੀਤੀ। ਜੇਲੇਂਸਕੀ ਨੇ ਕਿਹਾ ਕਿ ਯੂਕਰੇਨ ਜਵਾਬ ਦੇਣ ਲਈ ਕਾਫੀ ਮਜਬੂਤ ਹੈ। ਕੀਵ ਨੇ ਵੀਰਵਾਰ ਨੂੰ ਚੇਤਾਵਨੀ ਦਿੱਤੀ ਕਿ ਮਾਸਕੋ ਨੇ 24 ਫਰਵਰੀ ਦੇ ਹਮਲੇ ਦੇ ਲਗਭਗ ਇੱਕ ਸਾਲ ਬਾਅਦ ਅਗਲੇ ਸਾਲ ਦੇ ਸੁਰੂ ਵਿੱਚ ਇੱਕ ਨਵੇਂ ਆਲ-ਆਊਟ ਹਮਲੇ ਦੀ ਯੋਜਨਾ ਬਣਾਈ ਹੈ। ਯੂਕਰੇਨ ਦੇ ਕਈ ਇਲਾਕਿਆਂ ਨੂੰ ਮਿਜਾਈਲਾਂ ਅਤੇ ਤੋਪਖਾਨੇ ਨਾਲ ਤਬਾਹ ਕਰ ਦਿੱਤਾ ਗਿਆ ਹੈ। ਹਾਲਾਂਕਿ ਰੂਸੀ ਫੌਜ ਨੇ ਇਸ ਦੇ ਥੋੜ੍ਹੇ ਜਿਹੇ ਹਿੱਸੇ 'ਤੇ ਹੀ ਕਬਜਾ ਕੀਤਾ ਹੈ।


# ਸ੍ਰੀ ਮਾਛੀਵਾੜਾ ਸਾਹਿਬ ਇਲਾਕਾ ਨਿਵਾਸੀਆਂ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ

ਦਸਵੀਂ ਪਾਤਿਸ਼ਾਹੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸ੍ਰੀ ਮਾਛੀਵਾੜੇ ਸਾਹਿਬ ਦੀ ਧਰਤੀ 'ਤੇ ਪਹੁੰਚਣ ਅਤੇ ਉਨ੍ਹਾਂ ਦੀ ਆਮਦ ਨੂੰ ਮੁੱਖ ਰੱਖਦਿਆਂ ਅਤੇ ਚਾਰੇ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਅਤੇ ਸ਼ਹੀਦ ਹੋਏ ਸਾਰੇ ਸਿੰਘਾਂ ਤੇ ਸਿੰਘਣੀਆਂ ਨੂੰ ਸਮਰਪਿਤ ਪਿਛਲੇ ਸਾਲਾਂ ਦੀ ਤਰ੍ਹਾਂ ਸ੍ਰੀ ਮਾਛੀਵਾੜਾ ਸਾਹਿਬ ਇਲਾਕਾ ਨਿਵਾਸੀਆਂ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਕੀਤੀ ਜਾ ਰਹੀ ਹੈ। ਇਸ ਸਬੰਧ ਵਿਚ ਮਾਲਟਨ ਗੁਰੂ ਘਰ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਹੋਵੇਗੀ।

## ਪ੍ਰੋਗਰਾਮ ਇਸ ਤਰ੍ਹਾਂ ਹੋਵੇਗਾ

**ਸ੍ਰੀ ਅਖੰਡ ਪਾਠ ਸਾਹਿਬ ਆਰੰਭ** 23 ਦਸੰਬਰ ਦਿਨ ਸ਼ੁੱਕਰਵਾਰ

**ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ** 25 ਦਸੰਬਰ ਦਿਨ ਐਤਵਾਰ

ਮਾਲਟਨ ਗੁਰੂ ਘਰ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਮੇਨ ਹਾਲ ਵਿੱਚ ਪਾਏ ਜਾਣਗੇ। ਸਭ ਸੰਗਤ ਨੂੰ ਬੇਨਤੀ ਹੈ ਕਿ ਤਿੰਨ ਦਿਨ ਗੁਰੂ ਘਰ ਵਿਚ ਹੁੰਮ ਹੁਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ!

ਹੋਰ ਜਾਣਕਾਰੀ ਲਈ ਗੁਰਪ੍ਰੀਤ ਸਿੰਘ ਉੱਪਲ 647-207-1887, ਸਤਪਾਲ ਸਿੰਘ ਗਰੇਵਾਲ 519-405-0075, ਜਸਵੰਤ ਸਿੰਘ ਰਜ਼ੂਲ 647-856-9612 ਜਾਂ ਉਜਾਗਰ ਸਿੰਘ ਗਿੱਲ 647-203-4090, ਕਾਕਾ ਸਿੰਘ ਤੱਖਰਾ 647-400-9991 ਨਾਲ ਸੰਪਰਕ ਕੀਤਾ ਜਾ ਸਕਦਾ ਹੈ।

